**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਅਸ਼ੋਕ ਕੁਮਾਰ ਵਾਟਸ 9876723012
ਮਕਾਨ ਨੰ ਬੀ-ਵੀ-1534। ਗਲੀ ਨੰ 1, ਲਾਜਪੱਤ ਨਗਰ,
ਅਬੋਹਰ, ਜ਼ਿਲ੍ਹਾ ਫਾਜ਼ਿਲਕਾ-152116 -----ਅਪੀਲਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਐੱਸ.ਐੱਸ.ਪੀ .ਵਿਜੀਲੈਂਸ ਬਿਊਰੋ, ਫਿਰੋਜ਼ਪੁਰ।

ਪਹਿਲੀ ਅਪੀਲੀ ਕਮ ਡਾਇਰੈਟਰ ਵਿਜੀਲੈਂਸ ਬਿਊਰੋ,
ਪੰਜਾਬ, ਮੋਹਾਲੀ। --------ਉੱਤਰਦਾਤਾ

ਅਪੀਲ ਕੇਸ ਨੰ 3014/2019

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜ਼ੇਸ਼ ਕੁਮਾਰ, ਐਸ.ਆਈ. ਅਤੇ ਅਮਨਦੀਪ ਸਿੰਘ, ਇੰਨਸਪੈਕਟਰ (9878861085)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-05-2019, **ਲੋਕ ਸੂਚਨਾ ਅਧਿਕਾਰੀ, ਐੱਸ.ਐੱਸ.ਪੀ .ਵਿਜੀਲੈਂਸ ਬਿਊਰੋ, ਫਿਰੋਜ਼ਪੁਰ** ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਕੋਂਸਲ ਅਬੋਹਰ ਵਲੋਂ ਮਿਤੀ 20-08-2010 ਨੂੰ ਖੁਲੀ ਬੋਲੀ ਰਾਂਹੀ ਕੁਝ ਪਲਾਟ ਨਵੀਂ ਸੜਕ ਅਬੋਹਰ ਤੇ ਵੇਚੇ ਗਏ ਸਨ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਰਾਹੀਂ ਬੇਨਤੀ ਕੀਤੀ ਗਈ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ ਇਸ ਲਈ ਉਸਨੂੰ ਅਗਲੀ ਮਿਤੀ ਦਿੱਤੀ ਜਾਵੇ। ਇਸ ਤੋਂ ਇਲਾਵਾ ਅਪੀਲਕਰਤਾ ਵਲੋਂ ਪੱਤਰ ਮਿਤੀ 02-09-2019 ਅਤੇ ਪੱਤਰ ਮਿਤੀ 07-10-2019 ਰਾਹੀਂ ਲਿਖਿਆ ਗਿਆ ਹੈ ਕਿ ਸੂਚਨਾ ਗਲਤ ਦਿੱਤੀ ਗਈ ਹੈ ਅਤੇ ਇਸ ਦੇ ਨਾਲ ਹੀ ਪ੍ਰਾਪਤ ਹੋਈ ਸੂਚਨਾ ਮਿਤੀ 30-09-2019 ਤੇ ਇਤਰਾਜ਼ ਵੀ ਦਸੇ ਗਏ ਹਨ। ਪੱਤਰ ਮਿਸਲ ਤੇ ਰੱਖ ਲਏ ਗਏ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜ਼ੇਸ਼ ਕੁਮਾਰ, ਐਸ.ਆਈ. ਅਤੇ ਅਮਨਦੀਪ ਸਿੰਘ, ਇੰਨਸਪੈਕਟਰ ਹਾਜ਼ਰ ਹੋਏ। ਉਨ੍ਹਾਂ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ: 4615/ਵਬ/ਅ-1 ਮਿਤੀ 30-09-2019 ਰਾਹੀਂ ਮੰਗੀ ਗਈ ਸੂਚਨਾ ਭੇਜ਼ ਦਿੱਤੀ ਗਈ ਹੈ, ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤਰ੍ਹਾਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ।

4. ਦੋਨਾਂ ਧਿਰਾਂ ਵਲੋਂ ਕੀਤੀ ਗਈ ਬੇਨਤੀ ਅਤੇ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਇਸ ਕੇਸ ਵਿਚ ਅਪੀਲਕਰਤਾ ਨੂੰ ਉੱਤਰ ਭੇਜਿਆ ਗਿਆ ਹੈ ਅਪੀਲਕਰਤਾ ਵਲੋਂ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਪੀਲ ਕੇਸ ਨੰ 3014/2019

ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਉਸਨੂੰ ਭੇਜੀ ਗਈ ਸੂਚਨਾ ਤੇ ਜ਼ੋ ਤਰੁੱਟੀਆਂ ਪਾਈਆਂ ਹਨ ਉਸ ਸਬੰਧੀ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਦੇ ਹੋਏ ਅਪੀਲਕਰਤਾ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 06-11-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 17 **ਅਕਤੂਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਰਮੇਸ਼ ਕੁਮਾਰ 9592614954
237/277, ਗਲੀ ਨੰ 2, ਵਾਰਡ ਨੰ 90,
ਨਿਊ ਕੁੰਦਨ ਪੁਰੀ, ਲੁਧਿਆਣਾ ------ਸ਼ਿਕਾਇਤਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਐੱਸ.ਐੱਸ.ਪੀ, ਵਿਜੀਲੈਂਸ ਬਿਊਰੋ,
ਲੁਧਿਆਣਾ। ----------- ਉੱਤਰਦਾਤਾ

ਕੰਪਲੇਂਟ ਕੇਸ ਨੰ: 735/2019

**ਹਾਜ਼ਰ:-**

1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਰਿੰਦਰ ਸਿੰਘ,ਇੰਨਸਪੈਕਟਰ (97794-60519)

**ਹੁੱਕਮ:**

**ਸ਼ਿਕਾਇਤਕਰਤਾ** ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-03-2019, **ਲੋਕ ਸੂਚਨਾ ਅਧਿਕਾਰੀ, ਐੱਸ.ਐੱਸ.ਪੀ, ਵਿਜੀਲੈਂਸ ਬਿਊਰੋ,** ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇਦਰਖਾਸਤ ਨੰ: 225/17 ਜ਼ੋ ਕਿ ਚੀਫ ਵਿਜੀਲੈਂਸ ਬਿਊਰੋ, ਚੰਡੀਗੜ੍ਹ ਤੋਂ ਮਾਰਕ ਹੋ ਕੇ ਐਸ.ਐਸ.ਪੀ. ਵਿਜੀਲੈਂਸ ਬਿਊਰੋ ਲੁਧਿਆਣਾ ਨੂੰ ਆਈ ਹੈ। ਇਸ ਕੇਸ ਵਿਚ ਸ਼ਾਮਲ ਸਾਰਿਆਂ ਦੇ ਬਿਆਨ, ਸਿੱਟਾ ਰਿਪੋਰਟ ਅਤੇ ਨੱਥੀ ਸਾਰੇ ਦਸਤਾਵੇਜ਼ਾਂ ਦੀਆਂ ਕਾਪੀਆਂ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-08--2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵਲੋਂ ਮਿਤੀ 09-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦੱਸਿਆ ਗਿਆ ਕਿ ਉਸਨੂੰ ਉੱਤਰ ਦੇ ਦਿੱਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਸੁਰਿੰਦਰ ਸਿੰਘ,ਇੰਨਸਪੈਕਟਰ ਵਲੋਂ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਉਸ ਵਲੋਂ ਮੰਗੀ ਗਈ ਸੂਚਨਾ ਦੇ ਸੰਬਧ ਵਿਚ ਪੱਤਰ ਨੰ: 4773/ਵਸ/ਏ.ਸੀ.-3,ਮਿਤੀ 29-09-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਸ਼ਿਕਾਇਤਕਰਤਾ ਨੂੰ ਉਤਾਰਾ ਕੀਤਾ ਗਿਆ ਹੈ ਰਾਹੀਂ ਉੱਤਰ ਭੇਜ਼ ਦਿੱਤਾ ਗਿਆ ਹੈ। ਪੱਤਰ ਮਿਸਲ ਤੇ ਉਪਲਬਧ ਹੈ।

4. ਦੋਂਵੇ ਧਿਰਾਂ ਪੇਸ਼ੀ ਤੇ ਹਾਜ਼ਰ ਹੋਈਆਂ, ਸ਼ਿਕਾਇਤ ਕਰਤਾ ਦੀ ਅਰਜੀ ਮਿਤੀ 18-03-2019 ਨੂੰ ਪ੍ਰਾਪਤ ਹੋਈ ਸੀ ਅਤੇ ਮਿਤੀ 02-04-2019 ਨੂੰ ਉੱਤਰ ਸਹੀ ਸਮੇਂ ਤੇ ਦੇ ਦਿੱਤਾ ਗਿਆ। ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਵਲੋਂ ਇਸ ਦੀ ਪੁਸ਼ਟੀ ਕੀਤੀ ਗਈ ਕਿ ਉਸ ਨੂੰ ਉੱਤਰ ਦੇ ਦਿੱਤਾ ਗਿਆ ਹੈ। ਇਸ ਲਈ ਇਹ ਸ਼ਿਕਾਇਤ ਕੇਸ ਨਹੀਂ ਬਣਦਾ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹਰਜੋਤ ਸਿੰਘ 8146300491
ਮਕਾਨ ਨੰ 491, ਫੇਸ 2, ਅਰਬਨ ਇਸਟੇਟ, ਪੂਡਾ,
ਪਟਿਆਲਾ -147002 -----ਅਪੀਲਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ਕਮ ਡੀਨ ਅਕੈਡਮੀਕਸ,
ਪੰਜਾਬੀ ਯੂਨੀਵਰਸਿਟੀ, ਪਟਿਆਲਾ। ----**ਉੱਤਰਦਾਤਾ**

<u>ਅਪੀਲ ਕੇਸ ਨੰ 3020/2019</u>

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਰਣਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ

**<u>ਹੁੱਕਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-05-2019, **ਲੋਕ ਸੂਚਨਾ ਅਧਿਕਾਰੀ, ਪੰਜਾਬੀ ਯੂਨੀਵਰਸਿਟੀ, ਪਟਿਆਲਾ** ਨੂੰ ਦਿੱਤਾ ਗਿਆ ਜਿਸ ਰਾਹੀਂ ਉਸ ਵਲੋਂ ਸੈਸ਼ਨ ਸਾਲ 2016-17 ਦੋਰਾਨ ਡਿਸਟੈਂਸ ਐਜੁਕੇਸ਼ਨ ਡਿਪਾਰਟਮੈਂਟ ਵਲੌਂ ਕੀਤੀ ਐਡਮਿਸ਼ਨ ਲਈ ਜਿਸ ਕੰਪਨੀ ਨੂੰ ਕੰਟਰੈਕਟ ਦਿੱਤਾ ਗਿਆ ਸੀ ਉਸ ਨਾਲ ਸਬੰਧਤ 15 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਉਸਦੇ ਪਿਤਾ ਸ੍ਰੀ ਰਣਜੀਤ ਸਿੰਘ ਅਥਾਰਟੀ ਤੇ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਉਨ੍ਹਾਂ ਨੂੰ ਪੱਤਰ ਮਿਤੀ 02-08-2019 ਰਾਹੀਂ ਜ਼ੋ ਜਾਣਕਾਰੀ ਭੇਜੀ ਗਈ ਹੈ, ਉਹ ਸਹੀ ਨਹੀਂ ਅਤੇ ਉਹ ਭੇਜੀ ਗਈ ਜਾਣਕਾਰੀ ਨਾਲ ਸਹਿਮਤ ਨਹੀਂ ਹਨ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਵਿਕਰਾਂਤ ਸ਼ਰਮਾਂ ਵਕੀਲ ਵਲੋਂ ਲੋਕ ਸੂਚਨਾ ਅਧਿਕਾਰੀ ਦਾ ਪੱਤਰ ਨੰ: 7319/ਐਸ.।।/449-19/ਆਰ.ਟੀ.ਆਈ ਸੈੱਲ ਮਿਤੀ 30-09-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ। ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਉਕਤ ਪੱਤਰ ਰਾਹੀਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਪੱਤਰ ਨੰ: 5791/ਐਸ.।।/449-19/ਆਰ.ਟੀ.ਆਈ ਸੈੱਲ ਮਿਤੀ 02-08-2019 ਰਾਹੀਂ ਪਹਿਲਾਂ ਹੀ ਜਾਣਕਾਰੀ ਦੇ ਦਿੱਤੀ ਗਈ ਹੈ। ਜੋ ਉਕਤ ਪੱਤਰ ਨਾਲ ਨੱਥੀ ਹੈ। ਇਸ ਸਬੰਧ ਵਿਚ ਅਪੀਲਕਰਤਾ ਦੇ ਨੁਮਾਇੰਦੇ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਜੋ ਜਾਣਕਾਰੀ ਪੱਤਰ ਮਿਤੀ 02-08-2019 ਨੂੰ ਮਿਲੀ ਹੈ ਉਹ ਉਸ ਨਾਲ ਸਹਿਮਤ ਨਹੀਂ ਹਨ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ **ਪੰਜਾਬੀ ਯੂਨੀਵਰਸਿਟੀ, ਪਟਿਆਲਾ** ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਪੰਜਾਬੀ ਯੂਨੀਵਰਸਿਟੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸਨੂੰ ਅਪੀਲਕਰਤਾ ਵਲੋਂ ਦੱਸੀਆਂ ਤਰੁੱਟੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **<u>ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 17 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਤਜਿੰਦਰ ਸਿੰਘ ਐਡਵੋਕੇਟ 9041004313
ਸਿਵਿਲ ਕੋਰਟ, ਤਹਿਸੀਲ ਕੰਪਲੈਕਸ, ਪਿੱਛੇ ਸਾਂਝ ਕੇਂਦਰ, ਫਿਲੌਰ,
ਜ਼ਿਲ੍ਹਾ ਜਲੰਧਰ, 144410 ----ਅਪੀਲਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਮਿਊਂਸੀਪਲ ਕਾਊਂਸਿਲ, ਸੰਗਰੂਰ।
ਪਹਿਲੀ ਅਪੀਲੀ ਅਥਾਰਟੀ ਕਮ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ----ਉੱਤਰਦਾਤਾ

ਅਪੀਲ ਕੇਸ ਨੰ 3023/2019

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਗਦੀਸ਼ ਸਿੰਘ ਇੰਨਸਪੈਕਟਰ।(97806-19924) ਅਤੇ ਘਨਸ਼ਾਮ (95922-10613)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ 20-05-2019, **ਲੋਕ ਸੂਚਨਾ ਅਧਿਕਾਰੀ, ਮਿਊਂਸੀਪਲ ਕਾਊਂਸਿਲ, ਸੰਗਰੂਰ** ਨੂੰ ਦਿੱਤਾ ਗਿਆ ਜਿਸ ਰਾਹੀਂ ਉਸ ਵਲੋਂ ਨਜ਼ਾਇਜ਼ ਕਬਜ਼ੇ ਅਤੇ ਪ੍ਰਾਪਰਟੀ ਟਰਾਸਫਰਾਂ ਸਬੰਧੀ 09 ਨੁਕਤਿਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਈ.ਮੇਲ. ਰਾਹੀਂ ਨਾ ਹਾਜ਼ਰ ਹੋਣ ਸਬੰਧੀ ਕੋਈ ਸੂਚਨਾ ਹੀ ਪ੍ਰਾਪਤ ਹੋਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਗਦੀਸ਼ ਸਿੰਘ ਇੰਨਸਪੈਕਟਰ ਅਤੇ ਸ੍ਰੀ ਘਨਸ਼ਾਮ ਸੁਪਰਵਾਇਜ਼ਰ ਹਾਜ਼ਰ ਹੋਏ। ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਨੰ: 2237/ਜਸ: ਮਿਤੀ 01-08-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਪੱਤਰ ਨੰ: 2917/ਜ:ਸ: ਮਿਤੀ 16-10-2019 ਰਾਹੀਂ ਵੀ ਸੂਚਨਾ ਭੇਜੀ ਗਈ ਹੈ ਜੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ। ਇਹ ਦੋਵੇਂ ਪੱਤਰ ਮਿਸਲ ਤੇ ਰੱਖ ਲਏ ਹਨ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ **ਲੋਕ ਸੂਚਨਾ ਅਧਿਕਾਰੀ, ਮਿਊਂਸੀਪਲ ਕਾਊਂਸਿਲ, ਸੰਗਰੂਰ** ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ **ਲੋਕ ਸੂਚਨਾ ਅਧਿਕਾਰੀ, ਮਿਊਂਸੀਪਲ ਕਾਊਂਸਿਲ, ਸੰਗਰੂਰ** ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸਨੂੰ ਅਪੀਲਕਰਤਾ ਵਲੋਂ ਦੱਸੀਆਂ ਤਰੁੱਟੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਰਿਤੂ ਗੋਇਲ

ਐੱਸ.ਡੀ .ਕਾਲਜ, ਹੁਸ਼ਿਆਰਪੁਰ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,

ਪ੍ਰਿੰਸੀਪਲ, ਐੱਸ.ਡੀ .ਕਾਲਜ, ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ ਕਮ ਡੀ.ਪੀ.ਆਈ (ਕਾਲਜ),

ਪੰਜਾਬ, ਮੋਹਾਲੀ। -------ਉੱਤਰਦਾਤਾ

<u>ਅਪੀਲ ਕੇਸ ਨੰ 3053/2019</u>

ਹਾਜ਼ਰ:-

1) ਅਪੀਲਕਰਤਾ ਵਲੋਂ ਸ੍ਰੀ ਗੁਰਪ੍ਰੀਤ ਸਿੰਘ, ਵਕੀਲ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਪ੍ਰਸ਼ਾਂਤ ਸੇਠੀ ਅਤੇ ਸ੍ਰੀ ਜਤਿੰਦਰ ਪੂਰੀ । (98720-89729)

<u>ਹੁੱਕਮ:</u>

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ 17-05-2019, **ਲੋਕ ਸੂਚਨਾ ਅਧਿਕਾਰੀ,ਪ੍ਰਿੰਸੀਪਲ, ਐੱਸ.ਡੀ .ਕਾਲਜ, ਹੁਸ਼ਿਆਰਪੁਰ।** ਜਿਸ ਰਾਹੀਂ ਉਸ ਵਲੋਂ ਐਸ.ਡੀ.ਕਾਲਜ਼, ਹੁਸ਼ਿਆਰਪੁਰ ਤੋਂ ਮਿਤੀ 01-12-2018 ਨੂੰ ਲਗਣ ਵਾਲੀ ਸਾਲਾਨਾ ਤਰੱਕੀ ਨਾਲ ਸਬੰਧਤ 02 ਨੁਕੱਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਸ੍ਰੀ ਗੁਰਪ੍ਰੀਤ ਸਿੰਘ, ਵਕੀਲ ਹਾਜ਼ਰ ਹੋਇਆ ਉਸ ਵਲੋਂ ਹਲਫਿਆ ਬਿਆਨ ਪੇਸ਼ ਕੀਤਾ ਗਿਆ ਅਤੇ ਇਸ ਦਸਿਆ ਗਿਆ ਕਿ ਉਹ ਸ੍ਰੀ ਗੋਰਵ ਅਰੋੜਾ ਵਕੀਲ ਵਲੋਂ ਪੇਸ਼ ਹੋਇਆ ਹੈ ਅਤੇ ਇਸ ਕੇਸ ਵਿਚ ਅਗਲੀ ਮਿਤੀ ਦਿੱਤੀ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਸ੍ਰੀ ਪ੍ਰਸ਼ਾਂਤ ਸੇਠੀ ਅਤੇ ਸ੍ਰੀ ਜਤਿੰਦਰ ਪੂਰੀ ਹਾਜ਼ਰ ਹੋਏ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪੱਤਰ ਮਿਤੀ 09-10-2019 ਜੋਂ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ ਰਾਹੀਂ ਪਹਿਲਾਂ ਹੀ ਸੂਚਨਾ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਵਲੋਂ ਇਹ ਵੀ ਦਸਿਆ ਗਿਆ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਪ੍ਰਾਪਤ ਕੀਤੀ ਸੂਚਨਾ ਸਬੰਧੀ ਮਿਤੀ 10-10-2019 ਨੂੰ ਰਸੀਦ ਵੀ ਦਿੱਤੀ ਗਈ ਹੈ। ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ੀ ਦੋਰਾਨ ਪੇਸ਼ ਕੀਤੇ ਰਿਕਾਰਡ ਅਤੇ ਤੱਥਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਉਤਰਦਾਤਾ ਨੂੰ ਆਪਣੇ ਪੱਤਰ ਨੰ: ਐਸ.ਡੀ.ਸੀ./718/2019 ਮਿਤੀ 09-10-2019 ਜੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ ਰਾਹੀਂ ਪਹਿਲਾਂ ਹੀ ਸੂਚਨਾ ਦਿੱਤੀ ਜਾ ਚੁੱਕੀ ਹੈ। ਉੱਤਰਦਾਤਾ ਵਲੋਂ ਇਹ ਵੀ ਦਸਿਆ ਗਿਆ ਕਿ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਦੇ ਸਬੰਧ ਵਿਚ ਉਸ ਵਲੋਂ ਮਿਤੀ 10-10-2019 ਨੂੰ ਪ੍ਰਾਪਤੀ ਦੀ ਰਸੀਟ ਵੀ ਦਿੱਤੀ ਗਈ ਹੈ ਜਿਸਦੀ ਪੁਸ਼ਟੀ ਹਿੱਤ ਪੇਸ਼ੀ ਤੇ ਹਾਜ਼ਰ ਉੱਤਰਦਾਤਾ ਸ੍ਰੀ ਪ੍ਰਸ਼ਾਂਤ ਸੇਠੀ ਵਲੋਂ ਪੇਸ਼ ਕੀਤੇ ਪੱਤਰ ਤੇ ਰਿਕਾਰਡ ਕੀਤਾ ਗਿਆ ਕਿ ਰਿਤੂ ਗੋਇਲ ਨੂੰ ਇਹ ਚਿੱਠੀ ਦਾ ਉਤਾਰਾ ਦਿੱਤਾ ਜਾ ਚੁੱਕਾ ਹੈ। ਇਹ ਦਸਤਖਤ ਰਿਤੂ ਗੋਇਲ ਦੇ ਹਨ।ਇਸ ਤਰ੍ਹਾਂ ਸਪੱਸ਼ਟ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀ। ਇਸ ਲਈ ਅਪੀਲਕਰਤਾ ਵਲੋਂ ਦਾਇਰ ਕੀਤਾ ਗਿਆ <u>**ਅਪੀਲ ਕੇਸ ਦਾਖਲ ਦਫਤਰ**</u> ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 17 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਲਵਿੰਦਰ ਸਿੰਘ 9888488048
166/3 ਐਸ.ਬੀ.ਪੀ. EXT/ 3 ਹੋਮਜ
ਛੱਜੂ ਮਾਰਗ ਸੈਕਟਰ 126 ਖਰੜ ਜਿਲਾ ਮੁਹਾਲੀ।                                -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ,ਐਸ.ਕੇ.ਆਰ. ਕਾਲਿਜ ਆਫ ਫਿਜੀਕਲ ਐਜੂਕੇਸ਼ਨ,
ਭਾਗੋ ਮਾਜਰਾ,ਜਿਲਾ ਮੁਹਾਲੀ।                                -----ਉੱਤਰਦਾਤਾ

**ਸ਼ਿਕਾਇਤ ਕੇਸ ਨੰ: 797 /2019**

ਹਾਜ਼ਰ:-

1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਗਜੀਤ ਸਿੰਘ,ਸੀਨੀਅਰ ਕਲਰਕ (8699938538)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ 25-07-2019, **ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ ,ਐਸ.ਕੇ.ਆਰ. ਕਾਲਿਜ ਆਫ ਫਿਜੀਕਲ ਐਜੂਕੇਸ਼ਨ,ਭਾਗੋ ਮਾਜਰਾ,ਜਿਲਾ ਮੁਹਾਲੀ,** ਨੂੰ ਦਿੱਤਾ ਗਿਆ ਜਿਸ ਰਾਹੀਂ ਉਸ ਵਲੋਂ ਮਹੀਨਾ ਅਗਸਤ, 1979 ਤੋਂ ਮਾਰਚ,2012 ਤੱਕ ਸਰਵਿਸ਼ ਕੀਤੀ ਗਈ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵਲੋਂ ਪੱਤਰ ਨੰ: ਐਸ.ਓ.(ਕਾਲਜਾਂ)72(53)ਪਿਠ:ਅਕੰਣ ਨੰ: 299/ਓ.ਐਸ.(ਕਾਲਜਾਂ)72(53) ਮਿਤੀ 25-01-1980 ਰਾਹੀਂ ਉਸਨੂੰ ਪ੍ਰਵਾਨਗੀ ਦਿੱਤੀ ਗਈ ਸੀ ਨਾਲ ਸਬੰਧਤ 2 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ । ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-09-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅੱਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਹਾਜ਼ਰ ਸ੍ਰੀ ਜਗਜੀਤ ਸਿੰਘ,ਸੀਨੀਅਰ ਕਲਰਕ ਵਲੋਂ ਅਥਾਰਟੀ ਪੱਤਰ ਪੇਸ਼ ਕਰਦੇ ਹੋਏ ਦਸਿਆ ਗਿਆ ਕਿ ਸ਼ਿਕਾਇਤਕਰਤਾ ਨੂੰ ਉਨ੍ਹਾਂ ਵਲੋਂ ਆਪਣੇ ਪੱਤਰ ਨੰ: 2187 ਮਿਤੀ 23-09-2019 ਰਾਹੀਂ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਜ਼ੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਤ ਹੈ। ਇਸ ਦੀ ਜਾਣਕਾਰੀ ਪੱਤਰ ਨੰ: 2186 ਮਿਤੀ 23-09-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਕਮਿਸ਼ਨ ਨੂੰ ਵੀ ਭੇਜੀ ਗਈ। ਪੇਸ਼ ਕੀਤੇ ਪੱਤਰ ਮਿਸਲ ਤੇ ਹਨ। ਉਤਰਦਾਤਾ ਲੇਟ ਪੇਸ਼ ਹੋਇਆ ਅਤੇ ਉਸ ਵਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਲੇਟ ਦਿੱਤੀ ਗਈ ਹੈ ਅਤੇ ਡਿਟੇਲ ਵਿਚ ਨਹੀਂ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਡਿਟੇਲ ਵਿਚ ਉੱਤਰ ਦਿੱਤਾ ਜਾਵੇ ਅਤੇ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.**                **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਪਲਵਿੰਦਰ ਸਿੰਘ 9888488048
166/3 ਐਸ.ਬੀ.ਪੀ. EXT/ 3 ਹੋਮਜ
ਛੱਜੂ ਮਾਰਗ ਸੈਕਟਰ 126 ਖਰੜ ਜਿਲਾ ਮੁਹਾਲੀ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡੀ.ਪੀ.ਆਈ.(ਕਾਲਿਜ਼),
ਪੰਜਾਬ, ਮੁਹਾਲੀ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ: 798 /2019**

ਹਾਜ਼ਰ:-

1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਮ ਗੋਪਾਲ ਸਿੰਘ, ਕਲਰਕ(99882-20518)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ 25-07-2019, **ਲੋਕ ਸੂਚਨਾ ਅਧਿਕਾਰੀ,ਦਫਤਰ ਡੀ.ਪੀ.ਆਈ.(ਕਾਲਿਜ਼),ਪੰਜਾਬ, ਮੁਹਾਲੀ** ਨੂੰ ਦਿੱਤਾ ਗਿਆ ਜਿਸ ਜਿਸ ਰਾਹੀਂ ਉਸ ਵਲੋਂ ਮਹੀਨਾ ਅਗਸਤ, 1979 ਤੋਂ 2012 ਤੱਕ ਐਸ.ਕੇ.ਆਰ.ਕਾਲਜ਼ ਆਫ ਫਿਜੀਕਲ ਐਜੂਕੇਸ਼ਨ, ਭਾਗੋਮਾਜ਼ਰਾ (ਖਰੜ)ਦੀ ਮੈਨੇਜ਼ਮੈਂਟ ਕਮੇਟੀ ਅਤੇ ਕਰਮਚਾਰੀ ਵਿਚ ਹੋਏ ਐਗਰੀਮੈਂਟ ਦੀ ਕਾਪੀ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-09-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਅੱਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਹਾਜ਼ਰ ਸ੍ਰੀ ਰਾਮ ਗੋਪਾਲ ਸਿੰਘ, ਕਲਰਕ ਵਲੋਂ ਦਸਿਆ ਗਿਆ ਕਿ ਉਨ੍ਹਾਂ ਪਾਸ ਆਰ.ਟੀ.ਆਈ ਦੀ ਕਾਪੀ ਨਹੀਂ ਹੈ। ਇਸ ਲਈ ਹਾਜ਼ਰ ਉਤਰਦਾਤਾ ਨੂੰ ਆਰ.ਟੀ.ਆਈ. ਦੀ ਕਾਪੀ ਮੁਹੱਈਆ ਕਰਵਾਈ ਗਈ ਅਤੇ ਹਦਾਇਤ ਕੀਤੀ ਗਈ ਕਿ ਸ਼ਿਕਾਇਤਕਰਤਾ ਨੂੰ ਸਿੱਧੇ ਤੌਰ ਤੇ ਅਗਲੀ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਬਣਦੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 17 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਿਕਰਮਜੀਤ ਸਿੰਘ ਛਾਛੀ, (94639-40586)
120 -ਬੀ /1 ਨਾਗਰਾ ਹਾਊਸ,
ਟੀ.ਬੀ. ਹਸਪਤਾਲ ਰੋਡ, ਪਟਿਆਲਾ-147001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ। --------ਉੱਤਰਦਾਤਾ

**ਅਪੀਲ ਕੇਸ ਨੰ: 1879/2019**

**ਹਾਜ਼ਰ:-**

1) ਸ਼੍ਰੀ ਬਿਕਰਮਜੀਤ ਸਿੰਘ ਛਾਛੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ੍ਰੀ ਤਾਰੂਨ ਕੁਮਾਰ ਵਕੀਲ ।(93158-80009

**ਹੁਕਮ:**

ਪਿਛਲੀ ਪੇਸ਼ੀ, ਮਿਤੀ 17-09-2019 ਤੇ ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਕੋਈ ਸੂਚਨਾ ਹੀ ਭੇਜੀ ਗਈਸੀ। ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਦਫ਼ਤਰ ਜਾ ਕੇ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਨ ਲਈ ਸਹਿਮਤੀ ਪ੍ਰਗਟਾਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਉਨਾਂ ਦੇ ਦਫ਼ਤਰ ਹਾਜ਼ਰ ਹੋਣ ਤੇ ਉਸ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਦਿੱਤੀ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਪੇਸ਼ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅੱਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸ ਵਲੋਂ ਮਿਤੀ ਲੈਣ ਲਈ ਫੋਨ ਕੀਤਾ ਗਿਆ ਪਰ ਉਸ ਨੂੰ ਕੋਈਂ ਮਿਤੀ ਨਹੀਂ ਦਸੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਪੇਸ਼ ਸ੍ਰੀ ਤਾਰੂਨ ਕੁਮਾਰ ਵਕੀਲ ਵਲੋਂ ਇੰਸਪੈਕਸ਼ਨ ਕਰਾਉਣ ਦਾ ਭਰੋਸਾ ਦਿੱਤਾ ਗਿਆ ।

4. ਦੋਨਾਂ ਧਿਰਾਂ ਵਲੋਂ ਦਸੀ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਘਟੋ ਘੱਟ 6 ਦਿਨ ਪਹਿਲਾਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਉਸ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਦਿੱਤੀ ਜਾਵੇ ਇਸ ਦੇ ਨਾਲ ਹੀ ਅਗਲੀ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ, ਜ਼ਿਲ੍ਹਾ ਬਰਨਾਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਤੁਸ਼ਾਂਤ ਦੀਪ ਗਰਗ, ਐਡਵੋਕੇਟ (99881-32424)।
2) ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ ਸਮੇਤ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ (88721-00053)।

**ਹੁੱਕਮ:-**

ਪਿਛਲੀ ਪੇਸ਼ੀ, ਮਿਤੀ ਮਿਤੀ 17-09-2019 ਉੱਤਰਦਾਤਾ ਵੱਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਰੱਦ ਕੀਤੀਆਂ ਗਈਆਂ ਸਨ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿੱਚ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ, ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਸਬੰਧੀ ਆਪਣਾ ਵਿਸਥਾਰ-ਪੂਰਵਕ, ਨੁੱਕਤਾਵਾਰ, ਤਾਜ਼ਾ (**Fresh**) ਜਵਾਬ ਅਪੀਲਕਰਤਾ ਨੂੰ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਤੁਸ਼ਾਂਤ ਦੀਪ ਗਰਗ, ਐਡਵੋਕੇਟ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ ਨੇ ਇਸ ਕੇਸ ਵਿੱਚ ਆਪਣੀਆਂ ਆਪਣੀਆਂ ਦਲੀਲਾਂ ਅਤੇ ਦਸਤਾਵੇਜ਼ ਪੇਸ਼ ਕੀਤੇ ਗਏ। ਦੋਨਾਂ ਵਕੀਲਾਂ ਵਲੋਂ ਦਿੱਤੇ ਗਏ ਦਸਤਾਵੇਜ਼ ਮਿਸਲ ਤੇ ਰੱਖ ਲਏ ਗਏ ਹਨ।

3. ਇਸ ਮਾਮਲੇ ਤੇ ਡੂੰਘਾਈ ਨਾਲ ਘੋਖ-ਵਿਚਾਰ ਕਰਨ ਲਈ **ਇਹ ਕੇਸ ਰਿਜ਼ਰਵ ਰੱਖਿਆ** ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਖਵਿੰਦਰ ਸਿੰਘ, (97888761378)
ਸ਼੍ਰੀ ਲਾਲ ਸਿੰਘ,
ਵਾਰਡ ਨੰ:3/112, ਸੰਗਤ ਨਗਰ,
ਧੂਰੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ ਪਲਿਸ,
ਪਟਿਆਲਾ ਜ਼ੋਨ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2939/2019**

**ਹਾਜ਼ਰ:-**

1) ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(90545-45411)।

**ਹੁੱਕਮ:**

ਪਿਛਲੀ ਪੇਸ਼ੀ, ਮਿਤੀ 30-09-2019 ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ.ਨੇ ਪੱਤਰ ਨੰ:84-ਅਪੀਲ/ ਆਰ.ਟੀ.ਆਈ., ਮਿਤੀ 28-09-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 15-02-2019 ਨੂੰ ਸਧਾਰਣ ਡਾਕ ਰਾਹੀਂ ਅਤੇ ਫਿਰ ਮਿਤੀ 28-09-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਸ੍ਰੀ ਸੁਖਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਆਪਣਾ ਪੱਤਰ ਮਿਤੀ 05-10-2019 ਪੇਸ਼ ਕੀਤਾ ਗਿਆ ਜ਼ੋ ਕਿ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ। ਇਸ ਪੱਤਰ ਵਿਚ ਦਸਿਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਉਸ ਵਲੋਂ ਮੰਗੀ ਗਈ ਸੂਚਨਾ ਦੇਣ ਵਿਚ ਟਾਲਾ ਵੱਟਦੇ ਹੋਏ ਸੂਚਨਾ ਮੁਹੱਈਆ ਨਹੀਂ ਕਰਵਾ ਰਿਹਾ । ਇਸ ਪੱਤਰ ਦਾ ਇਕ ਉਤਾਰਾ ਮੁੱਖ ਰਾਜ ਸੂਚਨਾ ਕਮਿਸ਼ਨ, ਡੀ.ਆਈ.ਜੀ., ਪੰਜਾਬ ਅਤੇ ਆਈ.ਜੀ ਪੰਜਾਬ ਨੂੰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਇਸ ਪੱਤਰ ਦਾ ਇਕ ਉਤਾਰਾ ਇਸ ਕਮਿਸ਼ਨ ਨੂੰ ਭੇਜਦੇ ਹੋਏ ਲਿਖਿਆ ਗਿਆ ਹੈ ਕਿ ਅਪੀਲ ਕੇਸ ਨੰ: 2939,2940,2941 ਅਤੇ 2947 ਆਫ 2019 ਵਿਚ ਉਹ ਪ੍ਰਾਰਥੀ ਹੈ, ਜੇਕਰ ਤੁਹਾਡੀ ਪ੍ਰੇਮ ਕੁਮਾਰ ਨਾਲ ਕੋਈ ਨਿੱਜੀ ਰੰਜਿਸ਼/ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ। ਉਸਨੂੰ ਕਮਿਸ਼ਨ ਜੀ ਦੀ ਨਿੱਜੀ ਰੰਜਿਸ਼/ਖੁੰਦਕ ਨਾਲ ਕੋਈ ਸਬੰਧ ਨਹੀਂ, ਕੇਵਲ ਸੂਚਨਾ ਨਾਲ ਹੀ ਹੈ। ਅਪੀਲਕਰਤਾ ਦਾ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

ਅਪੀਲਕਰਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 05-10-2019 ਵਿੱਚ ਜ਼ੋ ਉਤਾਰਾ ਲੜੀ ਨੰ: 2 ਇਸ ਕਮਿਸ਼ਨ ਨੂੰ ਕੀਤਾ ਗਿਆ ਹੈ ਦੇ ਹਵਾਲੇ ਵਿਚ ਸਪੱਸ਼ਟੀਕਰਨ ਦੇਣ ਲਈ ਹਦਾਇਤ ਕੀਤੀ ਗਈ ਤਾਂ ਉਸ ਵਲੋਂ ਇਸ ਸਬੰਧ ਵਿਚ ਲਿਖਤੀ ਰੂਪ ਦਿੱਤਾ ਗਿਆ 'ਮਾਨਯੋਗ ਕਮਿਸ਼ਨਰ ਸਾਹਿਬ ਜੀ ਉਪਰੋਕਤ ਪੱਤਰ 5-10-2019 ਕੀ ਮੈ ਆਪ ਜੀ ਨੂੰ ਪੱਤਰ ਭੇਜੀਆ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2939/2019

ਜਿਸ ਵਿੱਚ ਪ੍ਰੇਮ ਕੁਮਾਰ ਜੀ ਦੇ ਦਸੱਣ ਤੇ ਇਹ ਲਿੱਖ ਦਿੱਤਾ ਸੀ ਕਿ ਤੁਹਾਡੀ ਪ੍ਰੇਮ ਕੁਮਾਰ ਨਾਲ ਰੰਜਿਸ /ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ, ਇਸ ਗੱਲ ਦੀ ਮੈਂ ਮਾਫੀ ਮੰਗਦਾ ਹਾਂ। ਇਹ ਗੱਲ ਮੈਨੇ ਪ੍ਰੇਮ ਕੁਮਾਰ ਨੇ ਲਿਖਾ ਦਿੱਤੀ ਸੀ ਮੈਂ ਆਪਣੇ ਵੱਲੋਂ ਕਿਸੇ ਮਾੜੀ ਭਾਵਨਾ ਨਾਲ ਨਹੀਂ ਲਿਖੀ ਸੀ।'

3. ਉੱਤਰਦਾਤਾ ਵਲੋਂ ਸ੍ਰੀ ਅਜਾਇਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਜਾਣਕਾਰੀ ਮੰਗ ਰਿਹਾ ਹੈ ਕਿ ਉਸ ਵਿਰੁੱਧ 2 ਦਰਖਾਸਤਾਂ ਪਾਈਆਂ ਗਈਆਂ ਸਨ। ਮਿਤੀ 15-01-2019 ਨੂੰ ਉਸ ਖਿਲਾਫ ਇਕ ਦਰਖਾਸਤ ਸ੍ਰੀ ਸਤਵੀਰ ਸਿੰਘ ਵਲੋਂ ਦਰਜ਼ ਹੋਈ ਜਿਸ ਵਿਚ ਉਸ ਦਾ ਰਾਜ਼ੀਨਾਮਾ ਹੋ ਗਿਆ ਸੀ । ਉਸ ਵਲੋਂ ਮਿਤੀ 15-01-2019 ਤੋਂ ਪਹਿਲਾਂ ਦੀ ਦਰਖਾਸਤ ਦੀ ਕਾਪੀ ਅਤੇ ਜ਼ੋ ਰਾਜੀਨਾਮਾ ਹੋਇਆ ਸੀ ਦੀ ਕਾਪੀ ਦੀ ਮੰਗ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਉਸ ਵਲੋਂ ਆਪਣਾ ਪੱਤਰ ਨੰ: 84-ਅਪੀਲ ਆਰ.ਟੀ.ਆਈ. ਮਿਤੀ 16-10-2019 ਪੇਸ਼ ਕੀਤਾ ਗਿਆ, ਜਿਸ ਨਾਲ ਮੁੱਖ ਅਫਸਰ ਥਾਣਾ ਸਿੱਟੀ ਧੂਰੀ ਵਲੋਂ ਸ੍ਰੀ ਸਤਵੀਰ ਸਿੰਘ ਵਲੋਂ ਦਿੱਤੀ ਅਰਜੀ ਮਿਤੀ 15-01-2019 ਅਤੇ ਰਾਜ਼ੀਨਾਮੇ ਦੀ ਕਾਪੀ ਦਿੱਤੀ ਗਈ ਅਤੇ ਦਸਿਆ ਗਿਆ ਕਿ ਇਸ ਤੋਂ ਇਲਾਵਾ ਹੋਰ ਰਿਕਾਰਡ ਨਹੀਂ ਹੈ। ਇਹ ਪੱਤਰ ਅਤੇ ਤਸਦਾਵੇਜ਼ ਮਿਸਲ ਤੇ ਰੱਖ ਲਏ ਗਏ ਹਨ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਦਿੱਤੀਆਂ ਗਈਆਂ ਦਲੀਲਾਂ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਵਲੋਂ ਸ੍ਰੀ ਸਤਵੀਰ ਸਿੰਘ ਦੀ ਅਰਜੀ ਮਿਤੀ 15-01-2019 ਅਤੇ ਰਾਜੀਨਾਮੇ ਦੀ ਕਾਪੀ ਹੀ ਪੇਸ਼ ਕੀਤੀ ਅਤੇ ਦਸਿਆ ਗਿਆ ਇਸ ਤੋਂ ਇਲਾਵਾ ਹੋਰ ਰਿਕਾਰਡ ਥਾਣਾ ਵਿਖੇ ਮੌਜੂਦ ਨਹੀਂ ਹੈ। ਅੱਜ ਇਹ ਕੇਸ ਤਰੁੱਟੀਆਂ ਦਰਜ਼ ਕਰਾਉਣ ਲਈ ਲਿਖਿਆ ਗਿਆ ਸੀ। ਜਵਾਬ ਦਿੱਤਾ ਗਿਆ ਕਿ ਮਿਤੀ 15-01-2019 ਤੋਂ ਪਹਿਲਾਂ ਦੀ ਕੋਈ ਦਰਖਾਸਤ ਅਪੀਲਕਰਤਾ ਵਲੋਂ ਨਹੀਂ ਦਿੱਤੀ ਗਈ ਜਿਸ ਵਿਚ ਉਸ ਵਲੋਂ ਰਾਜ਼ੀਨਾਮਾਂ ਦਿੱਤਾ ਗਿਆ ਹੋਵੇ, ਅਪੀਲਕਰਤਾ ਵਲੋਂ ਉਸਦੀ ਕਾਪੀ ਦੀ ਮੰਗ ਕੀਤੀ ਜਾ ਰਹੀ ਹੈ। ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਕਿ ਅਪੀਲਕਰਤਾ ਵਲੋਂ ਮਿਤੀ 15-01-2019 ਤੋਂ ਪਹਿਲਾਂ ਕੋਈ ਦਰਖਾਸਤ ਦਿੱਤੀ ਗਈ ਹੈ ਜਾਂ ਨਹੀਂ, ਕਿਉਂਜੋ ਉਸਨੂੰ ਇਤਰਾਜ਼ ਕੀ ਹੈ ਮਹਿਕਮੇ ਵਲੋਂ ਗੋਰ ਨਾਲ ਨਹੀਂ ਵੇਖਿਆ ਗਿਆ। ਇਸ ਲਈ ਉਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਦੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਖਵਿੰਦਰ ਸਿੰਘ, (97888761378)
ਸ਼੍ਰੀ ਲਾਲ ਸਿੰਘ,
ਵਾਰਡ ਨੰ:3/112, ਸੰਗਤ ਨਗਰ,
ਧੂਰੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ ਪਲਿਸ,
ਪਟਿਆਲਾ ਜ਼ੋਨ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2940/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(90545-45411)।

**ਹੁੱਕਮ:**

ਪਿਛਲੀ ਪੇਸ਼ੀ, ਮਿਤੀ 30-09-2019 ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ.ਨੇ ਪੱਤਰ ਨੰ:84-ਅਪੀਲ/ ਆਰ.ਟੀ.ਆਈ., ਮਿਤੀ 28-09-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 25-04-2019 ਨੂੰ ਸਧਾਰਣ ਡਾਕ ਰਾਹੀਂ ਅਤੇ ਫਿਰ ਮਿਤੀ 28-09-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਸ਼੍ਰੀ ਸੁਖਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਆਪਣਾ ਪੱਤਰ ਮਿਤੀ 05-10-2019 ਪੇਸ਼ ਕੀਤਾ ਗਿਆ ਜੋ ਕਿ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ। ਇਸ ਪੱਤਰ ਵਿਚ ਦਸਿਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਉਸ ਵਲੋਂ ਮੰਗੀ ਗਈ ਸੂਚਨਾ ਦੇਣ ਵਿਚ ਟਾਲਾ ਵੱਟਦੇ ਹੋਏ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਰਹੀ। ਇਸ ਪੱਤਰ ਦਾ ਇਕ ਉਤਾਰਾ ਮੁੱਖ ਰਾਜ ਸੂਚਨਾ ਕਮਿਸ਼ਨ, ਡੀ.ਆਈ.ਜੀ., ਪੰਜਾਬ ਅਤੇ ਆਈ.ਜੀ ਪੰਜਾਬ ਨੂੰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਇਸ ਪੱਤਰ ਦਾ ਇਕ ਉਤਾਰਾ ਇਸ ਕਮਿਸ਼ਨ ਨੂੰ ਭੇਜਦੇ ਹੋਏ ਲਿਖਿਆ ਗਿਆ ਹੈ ਕਿ ਅਪੀਲ ਕੇਸ ਨੰ: 2939,2940,2941 ਅਤੇ 2947 ਆਫ 2019 ਵਿਚ ਉਹ ਪ੍ਰਾਰਥੀ ਹੈ, ਜੇਕਰ ਤੁਹਾਡੀ ਪ੍ਰੇਮ ਕੁਮਾਰ ਨਾਲ ਕੋਈ ਨਿੱਜੀ ਰੰਜਿਸ਼/ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ। ਉਸਨੂੰ ਕਮਿਸ਼ਨ ਜੀ ਦੀ ਨਿੱਜੀ ਰੰਜਿਸ਼/ਖੁਦਕ ਨਾਲ ਕੋਈ ਸਬੰਧ ਨਹੀਂ, ਕੇਵਲ ਸੂਚਨਾ ਨਾਲ ਹੀ ਹੈ। ਅਪੀਲਕਰਤਾ ਦਾ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।'

3. ਅਪੀਲਕਰਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 05-10-2019 ਜੋ ਉਤਾਰਾ ਲੜੀ ਨੰ:2 ਇਸ ਕਮਿਸ਼ਨ ਨੂੰ ਕੀਤਾ ਗਿਆ ਹੈ ਦੇ ਹਵਾਲੇ ਵਿਚ ਸਪੱਸ਼ਟੀਕਰਨ ਦੇਣ ਲਈ ਹਦਾਇਤ ਕੀਤੀ ਗਈ ਤਾਂ ਉਸ ਵਲੋਂ ਇਸ ਸਬੰਧ ਵਿਚ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2940/2019**

ਲਿਖਤੀ ਰੂਪ ਦਿੱਤਾ ਗਿਆ 'ਮਾਨਯੋਗ ਕਮਿਸ਼ਨਰ ਸਾਹਿਬ ਜੀ ਉਪਰੋਕਤ ਪੱਤਰ 5-10-2019 ਕੀ ਮੈ ਆਪ ਜੀ ਨੂੰ ਪੱਤਰ ਭੇਜੀਆ ਜਿਸ ਵਿੱਚ ਪ੍ਰੇਮ ਕੁਮਾਰ ਜੀ ਦੇ ਦਸੱਣ ਤੇ ਇਹ ਲਿੱਖ ਦਿੱਤਾ ਸੀ ਕਿ ਤੁਹਾਡੀ ਪ੍ਰੇਮ ਕੁਮਾਰ ਨਾਲ ਰੰਜਿਸ /ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ, ਇਸ ਗੱਲ ਦੀ ਮੈਂ ਮਾਫੀ ਮੰਗਦਾ ਹਾਂ। ਇਹ ਗੱਲ ਮੈਨੇ ਪ੍ਰੇਮ ਕੁਮਾਰ ਨੇ ਲਿਖਾ ਦਿੱਤੀ ਸੀ ਮੈਂ ਆਪਣੇ ਵੱਲੋਂ ਕਿਸੇ ਮਾੜੀ ਭਾਵਨਾ ਨਾਲ ਨਹੀਂ ਲਿਖੀ ਸੀ।'

4. ਉੱਤਰਦਾਤਾ ਵਲੋਂ ਸ੍ਰੀ ਅਜਾਇਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਜਾਣਕਾਰੀ ਮੰਗ ਰਿਹਾ ਹੈ ਕਿ ਥਾਣਾ ਸਿਟੀ ਧੂਰੀ ਵਿੱਚ ਉਸ ਵਲੋਂ ਅਤੇ ਉਸਦੇ ਖਿਲਾਫ ਜ਼ੋ 01-10-2018 ਤੋਂ ਲੈ ਕੇ ਦਰਖਾਤਾਂ ਦਿੱਤੀਆਂ ਗਈਆਂ , ਉਹਨ੍ਹਾਂ ਸਬੰਧੀ ਸਾਰੀਆਂ ਦਰਖਾਸਤਾਂ ਦੀ ਕਾਪੀਆਂ, ਇਹਨਾਂ ਦਰਖਾਸਤਾਂ ਤੇ ਜ਼ੋ ਕਾਰਵਾਈ ਅਮਲ ਵਿਚ ਲਿਆਂਦੀ ਗਈ ਉਸ ਸਬੰਧੀ ਸੂਚਨਾ, ਕਿਸ ਕਿਸ ਅਧਿਕਾਰੀ ਨੇ ਕਿਸ ਕਿਸ ਦਰਖਾਸਤ ਦੀ ਤਫਤੀਸ਼ ਕੀਤੀ ਬਾਰੇ ਸੂਚਨਾ , ਦਰਖਾਸਤਾਂ ਤੇ ਜ਼ੋ ਸਮਝੋਤਾ ਹੋਇਆ ਉਨ੍ਹਾਂ ਦੀਆਂ ਕਾਪੀਆਂ, ਦਰਖਾਸਤਾਂ ਦੀ ਮੁਕੰਮਲ ਪੜਤਾਲ ਤਸਦੀਕਸ਼ੁਦਾ ਅਤੇ ਪੜਨਯੋਗ ਦਿੱਤੀ ਜਾਵੇ। ਇਸ ਸਬੰਧ ਵਿਚ ਉਸ ਵਲੋਂ ਆਪਣਾ ਪੱਤਰ ਨੰ: 85-ਅਪੀਲ ਆਰ.ਟੀ.ਆਈ. ਮਿਤੀ 16-10-2019 ਪੇਸ਼ ਕੀਤਾ ਗਿਆ, ਜਿਸ ਨਾਲ ਮੁੱਖ ਅਫਸਰ ਥਾਣਾ ਸਿੱਟੀ ਧੂਰੀ ਵਲੋਂ ਰਿਪੋਰਟ ਅਨੁਸਾਰ ਰਿਕਾਰਡ ਮੁਤਾਬਿਕ ਹੋਰ ਕੋਈ ਦਰਖਸਤ ਮੌਸੂਲ ਨਹੀਂ ਹੋਈ ਹੈ, ਜਿਸ ਦੀ ਸੂਚਨਾ ਪ੍ਰਾਰਥੀ ਸੁਖਵਿੰਦਰ ਸਿੰਘ ਉਕਤ ਨੂੰ ਰਜਿਸਟਰੀ ਰਾਹੀਂ ਭੇਜੀ ਗਈ ਹੈ ਅਤੇ ਦਸਿਆ ਗਿਆ ਕਿ ਇਸ ਤੋਂ ਇਲਾਵਾ ਹੋਰ ਰਿਕਾਰਡ ਨਹੀਂ ਹੈ। ਇਹ ਪੱਤਰ ਅਤੇ ਤਸਦਾਵੇਜ਼ ਮਿਸਲ ਤੇ ਰੱਖ ਲਏ ਗਏ ਹਨ।

5. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਦਿੱਤੀਆਂ ਗਈਆਂ ਦਲੀਲਾਂ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਜ਼ੋ ਰਿਕਾਰਡ ਦੀ ਮੰਗ ਕੀਤੀ ਜਾ ਰਹੀਂ ਹੈ। ਲੋਕ ਸੂਚਨਾ ਅਧਿਕਾਰੀ ਵਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਅਨੁਸਾਰ ਸ੍ਰੀ ਸਤਵੀਰ ਸਿੰਘ ਦੀ ਅਰਜੀ ਮਿਤੀ 15-01-2019 ਅਤੇ ਰਾਜੀਨਾਮੇ ਦੀ ਕਾਪੀ ਹੀ ਪੇਸ਼ ਕੀਤੀ ਅਤੇ ਦਸਿਆ ਗਿਆ ਇਸ ਤੋਂ ਇਲਾਵਾ ਹੋਰ ਰਿਕਾਰਡ ਥਾਣਾ ਵਿਖੇ ਮੌਜੂਦ ਨਹੀਂ ਹੈ। ਅੱਜ ਇਹ ਕੇਸ ਤਰੁੱਟੀਆਂ ਦਰਜ਼ ਕਰਾਉਣ ਲਈ ਰੱਖਿਆ ਗਿਆ ਸੀ। ਜਵਾਬ ਦਿੱਤਾ ਗਿਆ ਕਿ ਮਿਤੀ 15-01-2019 ਤੋਂ ਪਹਿਲਾਂ ਕੋਈ ਦਰਖਾਸਤ ਅਪੀਲਕਰਤਾ ਵਲੋਂ ਨਹੀਂ ਦਿੱਤੀ ਗਈ । ਉੱਤਰਦਾਤਾ ਵਲੋਂ ਦਿੱਤੇ ਗਏ ਉੱਤਰ ਨਾਲ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀ। ਇਸ ਲਈ ਅਪੀਲਕਰਤਾ ਵਲੋਂ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਖਵਿੰਦਰ ਸਿੰਘ, (97888761378)
ਸ਼੍ਰੀ ਲਾਲ ਸਿੰਘ,
ਵਾਰਡ ਨੰ:3/112, ਸੰਗਤ ਨਗਰ,
ਧੂਰੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ ਪਲਿਸ,
ਪਟਿਆਲਾ ਜ਼ੋਨ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2941/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(90545-45411)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 29-11-2018 ਤੋਂ ਲੈ ਕੇ ਸੂਚਨਾ ਜਾਰੀ ਕਰਨ ਦੇ ਸਮੇਂ ਤੱਕ ਆਪਣੇ ਅਤੇ ਆਪਣੇ ਮੁਹੱਲਾ ਨਿਵਾਸੀਆਂ ਵੱਲੋਂ ਪਿਆਰ ਕੌਰ ਪਤਨੀ ਦਰਸ਼ਨ ਸਿੰਘ, ਮਨਦੀਪ ਕੌਰ, ਆਦਿ-ਆਦਿ ਵਾਸੀ ਸਾਹਮਣੇ ਢੀਂਡਸਾ ਪੈਲੇਸ, ਬਾਗੜੀਆਂ ਰੋਡ, ਧੂਰੀ ਵਿਰੁੱਧ ਦਿੱਤੀ ਗਈ ਦਰਖਾਸਤ, ਮਿਤੀ 29-11-2018 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 03-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 30-09-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ.ਨੇ ਪੱਤਰ ਨੰ:82-ਅਪੀਲ/ ਆਰ.ਟੀ.ਆਈ., ਮਿਤੀ 28-09-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 25-04-2019 ਨੂੰ ਸਧਾਰਣ ਡਾਕ ਰਾਹੀਂ ਅਤੇ ਫਿਰ ਮਿਤੀ 28-09-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਅਪੀਲਕਰਤਾ ਸ਼੍ਰੀ ਸੁਖਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਆਪਣਾ ਪੱਤਰ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2941/2019**

05-10-2019 ਪੇਸ਼ ਕੀਤਾ ਗਿਆ ਜੋ ਕਿ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ। ਇਸ ਪੱਤਰ ਵਿਚ ਦਸਿਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਉਸ ਵਲੋਂ ਮੰਗੀ ਗਈ ਸੂਚਨਾ ਦੇਣ ਵਿਚ ਟਾਲਾ ਵੱਟਦੇ ਹੋਏ ਸੂਚਨਾ ਮੁਹੲੀਆ ਨਹੀਂ ਕਰਵਾ ਰਿਹਾ । ਇਸ ਪੱਤਰ ਦਾ ਇਕ ਉਤਾਰਾ ਮੁੱਖ ਰਾਜ ਸੂਚਨਾ ਕਮਿਸ਼ਨ, ਡੀ.ਆਈ.ਜੀ., ਪੰਜਾਬ ਅਤੇ ਆਈ.ਜੀ ਪੰਜਾਬ ਨੂੰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਇਸ ਪੱਤਰ ਦਾ ਇਕ ਉਤਾਰਾ ਇਸ ਕਮਿਸ਼ਨ ਨੂੰ ਭੇਜਦੇ ਹੋਏ ਲਿਖਿਆ ਗਿਆ ਹੈ ਕਿ ਅਪੀਲ ਕੇਸ ਨੰ: 2939, 2940,2941 ਅਤੇ 2947 ਆਫ 2019 ਵਿਚ ਉਹ ਪ੍ਰਾਰਥੀ ਹੈ, ਜੇਕਰ ਤੁਹਾਡੀ ਪ੍ਰੇਮ ਕੁਮਾਰ ਨਾਲ ਕੋਈ ਨਿੱਜੀ ਰੰਜਿਸ਼/ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ। ਉਸਨੂੰ ਕਮਿਸ਼ਨ ਜੀ ਦੀ ਨਿੱਜੀ ਰੰਜਿਸ਼/ਖੁਦਕ ਨਾਲ ਕੋਈ ਸਬੰਧ ਨਹੀਂ, ਕੇਵਲ ਸੂਚਨਾ ਨਾਲ ਹੀ ਹੈ। ਅਪੀਲਕਰਤਾ ਦਾ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 05-10-2019 ਜੋ ਉਤਾਰਾ ਲੜੀ ਨੰ:2 ਇਸ ਕਮਿਸ਼ਨ ਨੂੰ ਕੀਤਾ ਗਿਆ ਹੈ ਦੇ ਹਵਾਲੇ ਵਿਚ ਸਪੱਸ਼ਟੀਕਰਨ ਦੇਣ ਲਈ ਹਦਾਇਤ ਕੀਤੀ ਗਈ ਤਾਂ ਉਸ ਵਲੋਂ ਇਸ ਸਬੰਧ ਵਿਚ ਲਿਖਤੀ ਰੂਪ ਦਿੱਤਾ ਗਿਆ 'ਮਾਨਯੋਗ ਕਮਿਸ਼ਨਰ ਸਾਹਿਬ ਜੀ ਉਪਰੋਕਤ ਪੱਤਰ 5-10-2019 ਕੀ ਮੈ ਆਪ ਜੀ ਨੂੰ ਪੱਤਰ ਭੇਜੀਆ ਜਿਸ ਵਿੱਚ ਪ੍ਰੇਮ ਕੁਮਾਰ ਜੀ ਦੇ ਦਸੱਣ ਤੇ ਇਹ ਲਿੱਖ ਦਿੱਤਾ ਸੀ ਕਿ ਤੁਹਾਡੀ ਪ੍ਰੇਮ ਕੁਮਾਰ ਨਾਲ ਰੰਜਿਸ /ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ, ਇਸ ਗੱਲ ਦੀ ਮੈਂ ਮਾਫੀ ਮੰਗਦਾ ਹਾਂ। ਇਹ ਗੱਲ ਮੈਨੇ ਪ੍ਰੇਮ ਕੁਮਾਰ ਨੇ ਲਿਖਾ ਦਿੱਤੀ ਸੀ ਮੈਂ ਆਪਣੇ ਵੱਲੋਂ ਕਿਸੇ ਮਾੜੀ ਭਾਵਨਾ ਨਾਲ ਨਹੀਂ ਲਿਖੀ ਸੀ।' ਇਸ ਤੋਂ ਇਲਾਵਾ ਪੱਤਰ ਮਿਤੀ 16-10-2019 ਰਾਹੀਂ ਲਿਖਿਆ ਗਿਆ ਕਿ ਉਸ ਨੂੰ ਅਜੇ ਕੋਈ ਸੂਚਨਾ ਨਹੀਂ ਭੇਜੀ ਗਈ ਅਤੇ ਮੁਕੰਮਲ ਸੂਚਨਾ ਭੇਜੀ ਜਾਵੇ।

5. ਉੱਤਰਦਾਤਾ ਵਲੋਂ ਸ੍ਰੀ ਅਜਾਇਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਜਾਣਕਾਰੀ ਮੰਗ ਰਿਹਾ ਹੈ ਜਿਸ ਰਾਹੀਂ ਉਸ ਨੇ ਮਾਰਚ 2019 ਤੋਂ ਲੈਕੇ ਸੂਚਨਾ ਜਾਰੀ ਕਰਨ ਸਮੇ ਤੱਕ ਆਪਣੇ ਅਤੇ ਮੁਹੱਲੇ ਨਿਵਾਸੀਆਂ ਵਲੋਂ ਮਿਤੀ 29-03-2019 ਨੂੰ ਮੁੱਖ ਅਫਸਰ ਥਾਣਾ ਸਿਟੀ ਧੂਰੀ ਪਾਸ ਦਿੱਤੀ ਦਸਤੀ ਦਰਖਾਸਤ ਬਾਰੇ ਨਕਲਾਂ ਦੀ ਮੰਗ ਕੀਤੀ ਗਈ ਸੀ। ਇਸ ਸਬੰਧੀ ਉਸ ਵਲੋਂ ਆਪਣਾ ਪੱਤਰ ਨੰ: 82-ਅਪੀਲ ਆਰ.ਟੀ.ਆਈ. ਮਿਤੀ 16-10-2019 ਪੇਸ਼ ਕੀਤਾ ਗਿਆ, ਜਿਸ ਨਾਲ ਉਪ ਕਪਤਾਨ ਪੁਲਿਸ ਸਬਡਵੀਜ਼ਨ ਧੂਰੀ ਵਲੋਂ ਦਿੱਤੀ ਗਈ ਰਿਪੋਰਟ , ਮਿਤੀ 16-10-2019 ਪੇਸ਼ ਕੀਤੀ ਗਈ, ਜਿਸ ਅਨੁਸਾਰ ਰਿਕਾਰਡ ਮੁਤਾਬਿਕ ਹੋਰ ਕੋਈ ਦਰਖਾਸਤ ਮੌਸੂਲ ਨਹੀਂ ਹੋਈ ਹੈ, ਇਸ ਦੀ ਸੂਚਨਾ ਅਪੀਲਕਰਤਾ ਨੂੰ ਰਜਿਸਟਰੀ ਰਾਹੀਂ ਭੇਜੀ ਜਾ ਚੁੱਕੀ ਹੈ। ਇਹ ਪੱਤਰ ਅਤੇ ਤਸਦਾਵੇਜ਼ ਮਿਸਲ ਤੇ ਰੱਖ ਲਏ ਗਏ ਹਨ।

6. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਦਿੱਤੀਆਂ ਗਈਆਂ ਦਲੀਲਾਂ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਜੋ ਰਿਕਾਰਡ ਦੀ ਮੰਗ ਕੀਤੀ ਜਾ ਰਹੀਂ ਹੈ। ਇਸ ਸਬੰਧੀ ਉੱਤਰਦਾਤਾ ਵਲੋਂ ਆਪਣਾ ਪੱਤਰ ਨੰ: 82-ਅਪੀਲ ਆਰ.ਟੀ.ਆਈ. ਮਿਤੀ 16-10-2019 ਪੇਸ਼ ਕੀਤਾ ਗਿਆ, ਜਿਸ ਨਾਲ ਉਪ ਕਪਤਾਨ ਪੁਲਿਸ ਸਬਡਵੀਜ਼ਨ ਧੂਰੀ ਵਲੋਂ ਦਿੱਤੀ ਗਈ ਰਿਪੋਰਟ , ਮਿਤੀ 16-10-2019 ਪੇਸ਼ ਕੀਤੀ ਗਈ, ਜਿਸ ਅਨੁਸਾਰ ਰਿਕਾਰਡ ਮੁਤਾਬਿਕ ਹੋਰ ਕੋਈ ਦਰਖਾਸਤ ਮੌਸੂਲ ਨਹੀਂ ਹੋਈ ਹੈ, ਇਸ ਦੀ ਸੂਚਨਾ ਅਪੀਲਕਰਤਾ ਨੂੰ ਰਜਿਸਟਰੀ ਰਾਹੀਂ ਭੇਜੀ ਜਾ ਚੁੱਕੀ ਹੈ। ਅੱਜ ਇਹ ਕੇਸ ਤਰੁੱਟੀਆਂ ਦਰਜ਼ ਕਰਾਉਣ ਲਈ ਲਿਖਿਆ ਗਿਆ ਸੀ ਉਸ ਵਲੋਂ ਇਹ ਇਤਰਾਜ ਕੀਤਾ ਗਿਆ ਕਿ ਜਦੋਂ ਪਿਆਰ ਕੋਰ ਨਾਲ ਸਮਝੋਤਾ ਹੋਇਆ ਉਹ ਉਸਦੇ ਸਾਹਮਣੇ ਨਹੀਂ ਹੋਇਆ। ਜਦੋਂ ਕਿ ਉੱਤਰਦਾਤਾ ਅਨੁਸਾਰ ਇਹ ਸਮਝੋਤਾ ਮੁੱਹਲੇ ਵਾਲਿਆਂ ਦੇ ਸਾਹਮਣੇ ਹੋਇਆ ਸੀ । ਇਸ ਤਰ੍ਹਾਂ ਜੋ ਜਾਣਕਾਰੀ ਦਿੱਤੀ ਗਈ ਹੈ ਉਹ ਠੀਕ ਹੈ। ਆਰ.ਟੀ.ਆਈ. ਅਨੁਸਾਰ ਜਾਣਕਾਰੀ ਦੇਣੀ ਹੁੰਦੀ ਹੈ। ਇਸ ਤਰ੍ਹਾਂ ਉੱਤਰਦਾਤਾ ਵਲੋਂ ਦਿੱਤੇ ਗਏ ਉੱਤਰ ਨਾਲ ਕਮਿਸਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀ। ਇਸ ਲਈ ਅਪੀਲਕਰਤਾ ਵਲੋਂ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਖਵਿੰਦਰ ਸਿੰਘ, (97888761378)
ਸ਼੍ਰੀ ਲਾਲ ਸਿੰਘ,
ਵਾਰਡ ਨੰ:3/112, ਸੰਗਤ ਨਗਰ,
ਧੂਰੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ ਪਲਿਸ,
ਪਟਿਆਲਾ ਜ਼ੋਨ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2947/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(90545-45411)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-04-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਰਚ, 2019 ਤੋਂ ਲੈ ਕੇ ਸੂਚਨਾ ਜਾਰੀ ਕਰਨ ਦੇ ਸਮੇਂ ਤੱਕ ਆਪਣੇ ਅਤੇ ਆਪਣੇ ਮੁਹੱਲਾ ਨਿਵਾਸੀਆਂ ਵੱਲੋਂ ਮੁਹੱਲੇ ਵਿੱਚ ਰਹਿ ਰਹੇ ਸ਼ੱਕੀ ਵਿੱਅਕਤੀਆਂ ਵਿਰੁੱਧ ਦਿੱਤੀ ਗਈ ਦਰਖਾਸਤ, ਮਿਤੀ 29-03-2019 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 03-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਪਿਛਲੀ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਪ੍ਰੇਮ ਕੁਮਾਰ ਰਤਨ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:83-ਅਪੀਲ/ਆਰ.ਟੀ.ਆਈ., ਮਿਤੀ 28-09-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 21-04-2019 ਨੂੰ ਸਧਾਰਣ ਡਾਕ ਰਾਹੀਂ ਅਤੇ ਫਿਰ ਮਿਤੀ 28-09-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਸੁਣਵਾਈ ਲਈ ਮਿਤੀ 16-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਜੋ ਕਿ ਬਾਅਦ ਵਿਚ ਮੁਲਤੱਵੀ ਕਰਕੇ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਅਪੀਲਕਰਤਾ ਸ਼੍ਰੀ ਸੁਖਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਆਪਣਾ ਪੱਤਰ ਮਿਤੀ 05-10-2019 ਪੇਸ਼ ਕੀਤਾ ਗਿਆ ਜੋ ਕਿ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ। ਇਸ ਪੱਤਰ ਵਿਚ ਦਸਿਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਉਸ ਵਲੋਂ ਮੰਗੀ ਗਈ ਸੂਚਨਾ ਦੇਣ ਵਿਚ ਟਾਲਾ ਵੱਟਦੇ ਹੋਏ ਸੂਚਨਾ ਮੁਹੱਈਆ ਨਹੀਂ ਕਰਵਾ ਰਿਹਾ । ਇਸ ਪੱਤਰ ਦਾ ਇਕ ਉਤਾਰਾ ਮੁੱਖ ਰਾਜ ਸੂਚਨਾ ਕਮਿਸ਼ਨ, ਡੀ.ਆਈ.ਜੀ., ਪੰਜਾਬ ਅਤੇ ਆਈ.ਜੀ ਪੰਜਾਬ ਨੂੰ ਕੀਤਾ ਗਿਆ ਹੈ। ਇਸ ਨਾਲ ਹੀ ਇਸ ਪੱਤਰ ਦਾ ਇਕ ਉਤਾਰਾ ਇਸ ਕਮਿਸ਼ਨ ਨੂੰ ਭੇਜਦੇ ਹੋਏ ਲਿਖਿਆ ਗਿਆ ਹੈ ਕਿ ਅਪੀਲ ਕੇਸ ਨੰ: 2939,

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 2947/2019**

2940,2941 ਅਤੇ 2947 ਆਫ 2019 ਵਿਚ ਉਹ ਪ੍ਰਾਰਥੀ ਹੈ, ਜੇਕਰ ਤੁਹਾਡੀ ਪ੍ਰੇਮ ਕੁਮਾਰ ਨਾਲ ਕੋਈ ਨਿੱਜੀ ਰੰਜਿਸ਼/ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ। ਉਸਨੂੰ ਕਮਿਸ਼ਨ ਜੀ ਦੀ ਨਿੱਜੀ ਰੰਜਿਸ਼/ਖੁਦਕ ਨਾਲ ਕੋਈ ਸਬੰਧ ਨਹੀਂ, ਕੇਵਲ ਸੂਚਨਾ ਨਾਲ ਹੀ ਹੈ। ਅਪੀਲਕਰਤਾ ਦਾ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।' ਅਪੀਲਕਰਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 05-10-2019 ਜ਼ੋ ਉਤਾਰਾ ਲੜੀ ਨੰ:2 ਇਸ ਕਮਿਸ਼ਨ ਨੂੰ ਕੀਤਾ ਗਿਆ ਹੈ ਦੇ ਹਵਾਲੇ ਵਿਚ ਸਪੱਸ਼ਟੀਕਰਨ ਦੇਣ ਲਈ ਹਦਾਇਤ ਕੀਤੀ ਗਈ ਤਾਂ ਉਸ ਵਲੋਂ ਇਸ ਸਬੰਧ ਵਿਚ ਲਿਖਤੀ ਰੂਪ ਦਿੱਤਾ ਗਿਆ 'ਮਾਨਯੋਗ ਕਮਿਸ਼ਨਰ ਸਾਹਿਬ ਜੀ ਉਪਰੋਕਤ ਪੱਤਰ 5-10-2019 ਕੀ ਮੈ ਆਪ ਜੀ ਨੂੰ ਪੱਤਰ ਭੇਜੀਆ ਜਿਸ ਵਿੱਚ ਪ੍ਰੇਮ ਕੁਮਾਰ ਜੀ ਦੇ ਦਸੱਣ ਤੇ ਇਹ ਲਿੱਖ ਦਿੱਤਾ ਸੀ ਕਿ ਤੁਹਾਡੀ ਪ੍ਰੇਮ ਕੁਮਾਰ ਨਾਲ ਰੰਜਿਸ /ਖੁੰਦਕ ਹੈ ਤਾਂ ਮੇਰਾ ਨੁਕਸਾਨ ਕਿਉਂ ਕੀਤਾ ਜਾ ਰਿਹਾ ਹੈ, ਇਸ ਗੱਲ ਦੀ ਮੈਂ ਮਾਫੀ ਮੰਗਦਾ ਹਾਂ। ਇਹ ਗੱਲ ਮੈਨੇ ਪ੍ਰੇਮ ਕੁਮਾਰ ਨੇ ਲਿਖਾ ਦਿੱਤੀ ਸੀ ਮੈਂ ਆਪਣੇ ਵੱਲੋਂ ਕਿਸੇ ਮਾੜੀ ਭਾਵਨਾ ਨਾਲ ਨਹੀਂ ਲਿਖੀ ਸੀ।' ਇਸ ਤੋਂ ਇਲਾਵਾ ਪੱਤਰ ਮਿਤੀ 16-10-2019 ਰਾਹੀਂ ਲਿਖਿਆ ਗਿਆ ਕਿ ਉਸ ਨੂੰ ਅਜੇ ਕੋਈ ਸੂਚਨਾ ਨਹੀਂ ਭੇਜੀ ਗਈ ਅਤੇ ਮੁਕੰਮਲ ਸੂਚਨਾ ਭੇਜੀ ਜਾਵੇ।

3. ਉੱਤਰਦਾਤਾ ਵਲੋਂ ਸ੍ਰੀ ਅਜਾਇਬ ਸਿੰਘ, ਏ.ਐਸ.ਆਈ. ਪੇਸ਼ੀ ਤੇ ਹਾਜਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਜਾਣਕਾਰੀ ਮੰਗ ਰਿਹਾ ਹੈ ਕਿ ਮਾਰਚ, 2019 ਤੋਂ ਲੈ ਕੇ ਸੂਚਨਾ ਜਾਰੀ ਕਰਨ ਦੇ ਸਮੇਂ ਤੱਕ ਆਪਣੇ ਅਤੇ ਆਪਣੇ ਮੁਹੱਲਾ ਨਿਵਾਸੀਆਂ ਵੱਲੋਂ ਮੁਹੱਲੇ ਵਿੱਚ ਰਹਿ ਰਹੇ ਸ਼ੱਕੀ ਵਿਅਕਤੀਆਂ ਵਿਰੁੱਧ ਦਿੱਤੀ ਗਈ ਦਰਖਾਸਤ, ਮਿਤੀ 29-03-2019 ਤੇ ਕੀ ਕਾਰਵਾਈ ਕੀਤੀ ਸੀ ਇਸ ਸਬੰਧ ਵਿਚ ਉੱਤਰਦਾਤਾ ਵਲੋਂ ਆਪਣਾ ਪੱਤਰ ਨੰ: 83-ਅਪੀਲ ਆਰ.ਟੀ.ਆਈ. ਮਿਤੀ 16-10-2019 ਪੇਸ਼ ਕੀਤਾ ਗਿਆ, ਜਿਸ ਨਾਲ ਮੁੱਖ ਅਫਸਰ ਥਾਣਾ ਸਿੱਟੀ ਧੂਰੀ ਵਲੋਂ ਰਿਪੋਰਟ ਅਨੁਸਾਰ ਰਿਕਾਰਡ ਮੁਤਾਬਿਕ ਹੋਰ ਕੋਈ ਦਰਖਸਤ ਮੌਸੂਲ ਨਹੀਂ ਹੋਈ ਹੈ, ਜਿਸ ਦੀ ਸੂਚਨਾ ਪ੍ਰਾਰਥੀ ਸੁਖਵਿੰਦਰ ਸਿੰਘ ਉਕਤ ਨੂੰ ਰਜਿਸਟਰੀ ਰਾਹੀਂ ਭੇਜੀ ਗਈ ਹੈ ਦਸਿਆ ਗਿਆ ਕਿ ਇਸ ਤੋਂ ਇਲਾਵਾ ਹੋਰ ਰਿਕਾਰਡ ਨਹੀਂ ਹੈ। ਇਹ ਪੱਤਰ ਅਤੇ ਤਸਦਾਵੇਜ਼ ਮਿਸਲ ਤੇ ਰੱਖ ਲਏ ਗਏ ਹਨ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਦਿੱਤੀਆਂ ਗਈਆਂ ਦਲੀਲਾਂ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਜ਼ੋ ਰਿਕਾਰਡ ਦੀ ਮੰਗ ਕੀਤੀ ਜਾ ਰਹੀਂ ਹੈ। ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 21-04-2019 ਨੂੰ ਸਧਾਰਣ ਡਾਕ ਰਾਹੀਂ ਅਤੇ ਫਿਰ ਮਿਤੀ 28-09-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਸੰਬਧੀ ਅੱਜ ਇਹ ਕੇਸ ਤਰੁੱਟੀਆਂ ਦਰਜ਼ ਕਰਾਉਣ ਲਈ ਲਿਖਿਆ ਗਿਆ ਸੀ।ਜਦੋਂ ਕਿ ਅਪੀਲਕਰਤਾ ਵਲੋਂ ਪੱਤਰ ਮਿਤੀ 16-10-2010 ਰਾਹੀਂ ਲਿਖਿਆ ਗਿਆ ਕਿ ਉਸਨੂੰ ਜਵਾਬ ਪ੍ਰਾਪਤ ਨਹੀਂ ਹੋਇਆ।ਉੱਤਰਦਾਤਾ ਵਲੋਂ ਦਿੱਤੀ ਸੂਚਨਾ ਅਨੁਸਾਰ ਮੁੱਖ ਅਫਸਰ ਥਾਣਾ ਸਿੱਟੀ ਧੂਰੀ ਵਲੋਂ ਭੇਜੀ ਗਈ ਰਿਪੋਰਟ ਅਨੁਸਾਰ ਰਿਕਾਰਡ ਮੁਤਾਬਿਕ ਹੋਰ ਕੋਈ ਦਰਖਾਸਤ ਮੌਸੂਲ ਨਹੀਂ ਹੋਈ ਹੈ, ਉੱਤਰਦਾਤਾ ਵਲੋਂ ਦਿੱਤੇ ਗਏ ਉੱਤਰ ਨਾਲ ਕਮਿਸਨ ਸੰਤੁਸ਼ਟ ਹੈ। ਇਸ ਲਈ ਅਪੀਲਕਰਤਾ ਵਲੋਂ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੂਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।।

**ਹੁੱਕਮ:**

ਪਿਛਲੀ ਪੇਸ਼ੀ, ਮਿਤੀ 30-09-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਲੁਧਿਆਣਾ (ਦੱਖਣੀ) ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ ਜਦੋਂ ਕਿ ਤਹਿਸੀਲਦਾਰ (ਪੂਰਬੀ) ਲੁਧਿਆਣਾ ਵੱਲੋਂ ਈ.ਮੇਲ, ਮਿਤੀ 27-09-2019 ਰਾਹੀਂ ਕਮਿਸ਼ਨ ਨੂੰ ਭੇਜੇ ਗਏ ਪੱਤਰ ਨੰ:112-113, ਮਿਤੀ 23-09-2019 ਅਨੁਸਾਰ ਤਹਿਸੀਲਦਾਰ, ਲੁਧਿਆਣਾ (ਦੱਖਣੀ) ਨੂੰ ਕਮਿਸ਼ਨ ਵਿਖੇ ਇਸ ਕੇਸ ਦੀ ਪੈਰਵਾਈ ਕਰਨ ਲਈ ਲਿਖਿਆ ਗਿਆ ਸੀ। ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ (ਦੱਖਣੀ) ਨੂੰ ਇੱਕ ਹੋਰ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਲਗਾਤਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਵੀ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਲੁਧਿਆਣਾ (ਦੱਖਣੀ) ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ (ਦੱਖਣੀ) ਨੂੰ ਇੱਕ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਲਗਾਤਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:- (ਰਜਿਸਟਰਡ)** ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਲੁਧਿਆਣਾ (ਦੱਖਣੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਮਾਨਸਾ --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:703/2019**

**ਹਾਜ਼ਰ:-** 1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਹਰਪਿੰਦਰ ਸਿੰਘ, ਕਾਨੂੰਗੋ, (94173-37713)

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 01-10-2019 ਨੂੰ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਲੋਕ ਸੂਚਨਾ ਅਫਸਰ -ਕਮ-ਤਹਿਸੀਲਦਾਰ, ਮਾਨਸਾ ਵਲੋਂ ਜ਼ੋ ਸੂਚਨਾ ਭੇਜੀ ਗਈ ਹੈ ਉਹ ਸਹੀ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ੍ਰੀ ਲਾਲ ਸਿੰਘ, ਸੀਨੀਅਰ ਸਹਾਇਕ ਦਫਤਰ ਮਾਨਸਾ, ਸ੍ਰੀ ਸੁਮਿਤ ਕੁਮਾਰ, ਕਲਰਕ ਦਫਤਰ ਸਰਦੂਲਗੜ੍ਹ ਅਤੇ ਸ੍ਰੀ ਗੁਰਚਰਨ ਸਿੰਘ, ਕਾਨੂੰਗੋ, ਬੁਢਲਾਡਾ ਵਲੋਂ ਆਪਣੇ ਪੱਤਰ ਨੰ: 36/ਆਰ.ਟੀ.ਆਈ./ ਮਿਤੀ 25-09-2019 ਸਹਿ ਪੱਤਰਾਂ ਸਹਿਤ (ਜ਼ੋ ਰਿਕਾਰਡ ਤੇ ਉਪਲਬਧ ਹੈ) ਪੇਸ਼ ਕਰਦੇ ਹੋਏ ਦਸਿਆ ਗਿਆ ਕਿ ਸ਼ਿਕਾਇਤਕਰਤਾ ਵਲੋ ਦਿੱਤੀ ਆਰ.ਟੀ.ਆਈ. ਦੀ ਦਰਖਾਸਤ ਮਿਤੀ 29-03-2019 ਦੇ ਸਬੰਧ ਵਿਚ ਸਿ਼ਕਾਇਤਕਰਤਾ ਨੂੰ ਸੂਚਨਾ ਦਿੱਤੀ ਗਈ ਹੈ, ਜਿਸ ਮੁਤਾਬਿਕ ਸਬਡਵੀਜਨ ਬੁਢਲਾਡਾ ਵਿੱਚ ਪੰਜਾਬ ਲੈਂਡ ਰੀਫੋਰਮਜ ਐਕਟ -1972 ਦੇ ਤਹਿਤ ਕੋਈ ਵੀ ਜਮੀਨ ਸਰਪਲਸ ਘੋਸ਼ਿਤ ਨਹੀਂ ਕੀਤੀ ਗਈ। ਇਸ ਲਈ ਜਦ ਕੋਈ ਜਮੀਨ ਸਰਪਲਸ ਘੋਸ਼ਿਤ ਹੀ ਨਹੀਂ ਕੀਤੀ ਗਈ ਤਾਂ ਯੋਗ ਵਿਅਕਤੀਆਂ ਨੂੰ ਸਰਪਲਸ ਏਰੀਆ ਸਕੀਮ 1973 ਅਧੀਨ ਦੇਣ ਯੋਗ ਜਮੀਨ ਨਹੀਂ ਸੀ। ਇਸ ਲਈ ਸੂਚਨਾ ਨਿੱਲ ਸਮਝੀ ਜਾਵੇ। ਸਿ਼ਕਾਇਤਕਰਤਾ ਵਲੋਂ ਇਸ ਰਿਪੋਰਟ ਨਾਲ ਅਸਹਿਮਤੀ ਪ੍ਰਗਟ ਕਰਦੇ ਹੋਏ ਬੇਨਤੀ ਕੀਤੀ ਗਈ ਕਿ ਇਹ ਸੂਚਨਾ ਸਹੀ ਨਹੀਂ ਹੈ। ਇਸ ਸਬੰਧੀ ਉਸ ਵਲੋਂ ਬੇਨਤੀ ਕੀਤੀ ਗਈ ਕਿ ਜੇਕਰ ਇਹ ਸੂਚਨਾ ਸਹੀ ਹੈ ਤਾਂ ਉਤਰਦਾਤਾ ਦਫਤਰਾਂ ਵਲੋਂ ਇਸ ਸਬੰਧੀ ਹਲਫਿਆ ਬਿਆਨ ਪੇਸ਼ ਕੀਤਾ ਜਾਵੇ। ਕਮਿਸ਼ਨ ਵਲੋਂ ਸਿ਼ਕਾਇਤਕਰਤਾ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਲੋਕ ਸੂਚਨਾ ਅਫਸਰ, ਮਾਨਸਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਗਲੀ ਮਿਤੀ 17-10-2019 ਨੂੰ ਕਮਿਸ਼ਨ ਪਾਸ ਐਸ.ਡੀ.ਐਮ. ਮਾਨਸਾ, ਬੁਢਲਾਡਾ ਅਤੇ ਸਰਦੂਲਗੜ ਦਿੱਤੀ ਗਈ ਸੂਚਨਾ ਬਾਰੇ ਆਪਣਾ ਹਲਫਿਆ ਬਿਆਨ ਪੇਸ਼ ਕਰਨ ਕਿ ਉਨ੍ਹਾਂ ਵਲੋਂ ਸਿ਼ਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਰਿਕਾਰਡ ਮੁਤਾਬਿਕ ਸਹੀ ਹੈ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜਰ ਸਿ਼ਕਾਇਤਕਰਤਾ ਵਲੋਂ ਮੁੜ ਦੱਸਿਆ ਗਿਆ ਕਿ ਉਸਨੂੰ ਅਜੇ ਤੱਕ ਸਹੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਾ ਹੀ ਕੋਈ ਰਿਕਾਰਡ ਵਿਖਾਇਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ੍ਰੀ ਹਰਪਿੰਦਰ ਸਿੰਘ, ਕਾਨੂੰਗੋ ਵਲੋਂ ਅੱਜ ਹਦਾਇਤ ਅਨੁਸਾਰ ਹਲਫਿਆ ਬਿਆਨ ਪੇਸ਼ ਨਹੀਂ ਕੀਤੇ ਗਏ। ਲੋਕ ਸੂਚਨਾ ਅਧਿਕਾਰੀ ਮਾਨਸਾ ਵਲੋਂ ਆਪਣੇ ਪੱਤਰ ਮਿਤੀ 3-10-2019 ਰਾਹੀਂ ਸਬੰਧਤਾਂ ਨੂੰ ਹਦਾਇਤ ਕੀਤੀ ਗਈ ਸੀ। ਪੱਤਰ ਮਿਸਲ ਤੇ ਉਪਲਬਧ ਹੈ।

4. ਦੋਨਾਂ ਧਿਰਾਂ ਨੂੰ ਸੁਣਨ ਉਪਰੰਤ ਉੱਤਰਦਾਤਾ ਵਲੋਂ ਹਾਜ਼ਰ ਸ੍ਰੀ ਹਰਿੰਦਰ ਸਿੰਘ ਕਾਨੂੰਗੋ ਨੂੰ ਹਦਾਇਤ ਕੀਤੀ ਗਈ ਸਿ਼ਕਾਇਤਕਰਤਾ ਨੂੰ ਉਸ ਨਾਲ ਸੰਪਰਕ ਕਰਦੇ ਹੋਏ ਸਬੰਧਤ ਰਿਕਾਰਡ ਵਿਖਾਇਆ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:705/2019**

**ਹਾਜ਼ਰ:-** 1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਨਹੀਂ ।

**ਹੁੱਕਮ:**

ਪਿਛਲੀ ਪੇਸ਼ੀ ਮਿਤੀ 01-10-2019 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਲੋਕ ਸੂਚਨਾ ਅਫਸਰ -ਕਮ-ਤਹਿਸੀਲਦਾਰ, ਸੰਗਰੂਰ ਵਲੋਂ ਅਜੇ ਤੱਕ ਕੋਈ ਸੂਚਨਾ ਨਹੀਂ ਦਿੱਤੀ ਗਈ। ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਰਾਜਿੰਦਰ ਸਿੰਘ, ਕਲਰਕ ਇਸ ਕੇਸ ਨਾਲ ਸਬੰਧਤ ਕੋਈ ਜਾਣਕਾਰੀ ਨਹੀਂ ਲੈ ਕੇ ਆਇਆ। ਪਰੰਤੂ ਉਸ ਵਲੋਂ ਕਿਹਾ ਗਿਆ ਕਿ ਸ਼ਿਕਾਇਤਕਰਤਾ ਉਨ੍ਹਾਂ ਦੇ ਦਫਤਰ ਆ ਜਾਣ ਉਨ੍ਹਾਂ ਨੂੰ ਰਿਕਾਰਡ ਵਿਖਾ ਦਿੱਤਾ ਜਾਵੇਗਾ। ਜਿਸ ਨਾਲ ਸ਼ਿਕਾਇਤਕਰਤਾ ਵਲੋਂ ਸਹਿਮਤੀ ਪ੍ਰਗਟਾਈ ਗਈ। ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਜਦੋਂ ਉਨ੍ਹਾਂ ਦੇ ਦਫਤਰ ਆਵੇ ਤਾਂ ਉਸਨੂੰ ਰਿਕਾਰਡ ਵਿਖਾ ਦਿੱਤਾ ਜਾਵੇ ਅਤੇ ਮੰਗੀ ਗਈ ਸੂਚਨਾ ਸਿੱਧੇ ਤੌਰ ਤੇ ਸ਼ਿਕਾਇਤਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੇ ਦਿੱਤੀ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜਰ ਸ਼ਿਕਾਇਤਕਰਤਾ ਵਲੋਂ ਮੁੜ ਦੱਸਿਆ ਗਿਆ ਕਿ ਉਸਨੂੰ ਅਜੇ ਤੱਕ ਸਹੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਾ ਹੀ ਕੋਈ ਰਿਕਾਰਡ ਵਿਖਾਇਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਨਾ ਹਾਜਰ ਹੋਣ ਸਬੰਧੀ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ। ਸ਼ਿਕਾਇਤਕਰਤਾ ਵਲੋਂ ਦੱਸਿਆ ਗਿਆ ਕਿ ਉਸਨੂੰ ਅਜੇ ਤੱਕ ਸਹੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਅਤੇ ਨਾ ਹੀ ਕੋਈ ਰਿਕਾਰਡ ਵਿਖਾਇਆ ਗਿਆ ਹੈ। ਇਸ ਲਈ ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨਾਲ ਸੰਪਰਕ ਕਰਦੇ ਹੋਏ ਸਬੰਧਤ ਰਿਕਾਰਡ ਵਿਖਾਇਆ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:718 /2019**

**ਹਾਜ਼ਰ:-** 1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜਿੰਦਰ ਸਿੰਘ, ਕਲਰਕ (94654-38047) ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਸੰਗਰੂਰ ।

**ਹੁੱਕਮ:**

ਪਿਛਲੀ ਪੇਸ਼ੀ ਮਿਤੀ 01-10-2019 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਰਾਜਿੰਦਰ ਸਿੰਘ, ਕਲਰਕ ਨੇ ਪੱਤਰ ਨੰ: 307/ਨਜ਼ੂਲ ਮਿਤੀ 24-05-2018 ਜ਼ੋ ਕਿ ਲੋਕ ਸੂਚਨਾ ਅਧਿਕਾਰੀ ਕਮ ਜ਼ਿਲ੍ਹਾ ਮਾਲ ਅਫਸਰ, ਸੰਗਰੂਰ ਨੂੰ ਸੰਬੋਧਤ ਹੈ, ਦਾ ਇਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਭੇਜਿਆ ਗਿਆ ਸੀ ਪੇਸ਼ ਕੀਤਾ ਗਿਆ ਸੀ। ਇਸ ਪੱਤਰ ਰਾਹੀਂ ਉਤਰਦਾਤਾ ਵਲੋਂ ਸਪਸ਼ਟ ਕੀਤਾ ਗਿਆ ਕਿ ਮੰਗੀ ਗਈ ਸੂਚਨਾ ਉਪਲੱਬਧ ਨਹੀਂ ਹੈ। ਇਸ ਤੋਂ ਇਲਾਵਾ ਪ੍ਰਾਰਥੀ ਕਿਸੇ ਵੀ ਕੰਮ ਵਾਲੇ ਦਿਨ ਆ ਕਿ ਜ਼ੋ ਵੀ ਫਾਇਲ ਦੇਖਣਾ ਚਾਹੁੰਦਾ ਹੈ ਵੇਖ ਸਕਦਾ ਹੈ। ਸ਼ਿਕਾਇਤਕਰਤਾ ਵਲੋਂ ਉਤਰਦਾਤਾ ਦੀ ਇਸ ਦਲੀਲ ਨਾਲ ਸਹਿਮਤੀ ਪ੍ਰਗਟਾਈ ਗਈ।

2. ਅੱਜ ਪੇਸ਼ੀ ਤੇ ਹਾਜਰ ਸ਼ਿਕਾਇਤਕਰਤਾ ਵਲੋਂ ਮੁੜ ਦੱਸਿਆ ਗਿਆ ਕਿ ਉਸਨੂੰ ਪੂਰਾ ਰਿਕਾਰਡ ਨਹੀਂ ਵਿਖਾਇਆ ਗਿਆ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ੍ਰੀ ਰਾਜਿੰਦਰ ਸਿੰਘ, ਕਲਰਕ ਵਲੋਂ ਅੱਜ ਦਸਿਆ ਗਿਆ ਕਿ ਕੁਝ ਰਿਕਾਰਡ ਮਿਲ ਗਿਆ ਹੈ ਅਤੇ ਬਾਕੀ ਦੇਣ ਦਾ ਭਰੋਸਾ ਦਿੱਤਾ ਗਿਆ ।

4. ਦੋਨਾਂ ਧਿਰਾਂ ਦੀ ਸਹਿਮਤੀ ਬਣ ਗਈ ਹੈ ਅਤੇ ਉੱਤਰਦਾਤਾ ਵਲੋਂ ਭਰੋਸਾ ਦਿੱਤਾ ਗਿਆ ਕਿ ਸ਼ਿਕਾਇਤਕਰਤਾ ਨਾਲ ਸੰਪਰਕ ਕਰਦੇ ਹੋਏ ਬਾਕੀ ਰਿਕਾਰਡ ਵੀ ਵਿਖਾ ਦਿੱਤਾ ਜਾਵੇਗਾ। ਇਸ ਲਈ ਕਮਿਸ਼ਨ ਵਲੋਂ ਹਦਾਇਤ ਕੀਤੀ ਗਈ ਕਿ ਸ਼ਿਕਾਇਤਕਰਤਾ ਨੂੰ ਬਾਕੀ ਦਾ ਰਿਕਾਰਡ ਵਿਖਾਉਂਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਅਮਰੀਕ ਸਿੰਘ ਪੁੱਤਰ ਸ਼੍ਰੀ ਗੁਰਨਾਮ ਸਿੰਘ**
**ਪਿੰਡ ਪੁੰਨਾਵਾਲ ,ਤਹਿਸੀਲ ਧੂਰੀ,ਜਿਲਾ ਸੰਗਰੂਰ।** ------ਅਪੀਲਕਰਤਾ

**ਬਨਾਮ**

**ਲੋਕ ਸੂਚਨਾ ਅਧਿਕਾਰੀ,**
**ਦਫਤਰ ਐੱਸ.ਐੱਸ.ਪੀ. ਸੰਗਰੂਰ।**

**ਪਹਿਲੀ ਅਪੀਲੀ ਅਥਾਰਟੀ**
**ਦਫਤਰ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ ਪਟਿਆਲਾ।** -----**ਉੱਤਰਦਾਤਾ**

**ਅਪੀਲ ਕੇਸ ਨੰ: 3398/2019**

**ਹਾਜ਼ਰ:-** 1) ਅਪੀਲਕਰਤਾ ਵਲੋਂ ਸ੍ਰੀ ਕੁਲਦੀਪ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ.

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-06-2018 ਲੋਕ ਸੂਚਨਾ ਅਧਿਕਾਰੀ, ਦਫਤਰ ਐੱਸ.ਐੱਸ.ਪੀ. ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 07-03-2017 ਨੰ: 2673 ਦੀ ਸਦਰ ਥਾਣਾ ਧੂਰੀ ਦੇ ਏ.ਐਸ.ਆਈ. ਹਰਦੀਪ ਸਿੰਘ ਵਲੋਂ ਮਿਤੀ 10-02-2017 ਨੂੰ ਅਮਰੀਕ ਸਿੰਘ ਦਾ ਬਿਆਨ ਅਤੇ ਭਰਭੂਰ ਸਿੰਘ ਬਗੈਰਾ ਦੇ ਲਏ ਬਿਆਨ ਦੀਆਂ ਕਾਪੀਆਂ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਹਾਜ਼ਰ ਉਸਦਾ ਲੜਕਾ ਸ੍ਰੀ ਕੁਲਦੀਪ ਸਿੰਘ ਹਾਜਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਅੱਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਅਜੈਬ ਸਿੰਘ, ਏ.ਐਸ.ਆਈ. ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਪੱਤਰ ਨੰ: 28485 /ਆਰ.ਟੀ.ਆਈ. ਮਿਤੀ 11-10-2019 ਜ਼ੋ ਪਹਿਲੀ ਅਪੀਲੀ ਅਥਾਰਟੀ ਵਲੋਂ ਲੋਕ ਸੂਚਨਾ ਅਧਿਕਾਰੀ ਨੂੰ ਲਿਖਦੇ ਹੋਏ ਆਪਸੀ ਵਿਚਾਰ ਵਟਾਂਦਰੇ ਦਾ ਵੇਰਵਾ ਦਿੰਦੇ ਹੋਏ ਸੂਚਨਾ ਦੇਣ ਅਤੇ ਪੈਰਵੀ ਕਰਨ ਲਈ ਹਦਾਇਤ ਕਰਦੇ ਹੋਏ ਕਮਿਸ਼ਨ ਨੂੰ ਉਤਾਰਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪੱਤਰ ਨੰ: 89/ਅਪੀਲ ਆਰ.ਟੀ.ਆਈ. ਮਿਤੀ 16-10-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ ਜਿਸ ਰਾਹੀਂ ਦਸਿਆ ਗਿਆ ਕਿ ਪ੍ਰਾਰਥੀ ਅਮਰੀਕ ਸਿੰਘ ਵਲੋਂ ਕੀਤੇ ਅਪੀਲ ਕੇਸ ਨਾਲ ਸਬੰਧਤ ਦਰਖਾਸਤ ਨੰ: 82 ਮਿਤੀ 08-02-2017 ਸਬੰਧੀ ਰਿਪੋਰਟ ਹਾਸਲ ਕੀਤੀ ਗਈ ਜਿਸਦੀਆਂ ਨਕਲਾਂ ਪ੍ਰਾਰਥੀ ਅਮਰੀਕ ਸਿਘ ਉਕਤ ਨੂੰ ਰਜਿਸਟਰੀ ਰਾਹੀਂ ਭੇਜੀਆਂ ਗਈਆਂ ਹਨ, ਜਿਸ ਦੀਆਂ ਫੋਟੋ ਕਾਪੀਆਂ ਪੇਸ਼ ਕੀਤੀਆਂ ਗਈਆਂ ਹਨ । ਇਸ ਲਈ ਅਪੀਲ ਕੇਸ ਦਾਖਲ ਦਫਤਰ ਕਰਨ ਦੀ ਬੇਨਤੀ ਕੀਤੀ ਗਈ ।ਪੱਤਰ ਦਸਤਾਵੇਜ਼ਾਂ ਸਹਿਤ ਮਿਸਲ ਤੇ ਰੱਖ ਲਿਆ ਗਿਆ ਹੈ।

4. ਪੇਸ਼ੀ ਤੇ ਹਾਜ਼ਰ ਅਪੀਲਕਰਤਾ ਵਲੋਂ ਬਿਆਨ ਦੀਆਂ ਕਾਪੀਆਂ ਮੰਗੀਆਂ ਸਨ। ਮਹਿੱਕਮੇ ਵਲੋਂ ਹਾਜ਼ਰ ਉੱਤਰਦਾਤਾ ਵਲੋਂ ਉਕਤ ਦਰਸਾਏ ਗਏ ਪੱਤਰ ਮਿਤੀ 16-10-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਕਿ ਪ੍ਰਾਰਥੀ ਅਮਰੀਕ ਸਿੰਘ ਵਲੋਂ ਉਕਤ ਅਪੀਲ ਕੇਸ ਸਬੰਧੀ ਦਰਖਾਸਤ ਨੰ: 82 ਮਿਤੀ 08-02-2017 ਸਬੰਧੀ ਰਿਪੋਰਟ ਹਾਸਲ ਕੀਤੀ ਗਈ, ਜਿਸਦੀਆਂ ਨਕਲਾਂ ਪ੍ਰਾਰਥੀ ਅਮਰੀਕ ਸਿਘ ਅਪੀਲਕਰਤਾ ਨੂੰ ਰਜਿਸਟਰੀ ਰਾਹੀਂ ਭੇਜੀਆਂ ਗਈਆਂ ਹਨ। ਇਸ ਤਰ੍ਹਾਂ ਉੱਤਰਦਾਤਾ ਵਲੋਂ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਅਤੇ ਆਰ.ਟੀ.ਆਈ ਅਨੁਸਾਰ ਜ਼ੋ ਉੱਤਰ ਦਿੱਤਾ ਗਿਆ ਹੈ ਉਹ ਠੀਕ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਅਜੈ ਕੁਮਾਰ** 8146548104
**ਮਕਾਨ ਨੰ ਏ**-1346 **ਗਲੀ ਨੰ** 1,
**ਰਾਧਾ ਸਵਾਮੀ ਕਲੋਨੀ ਫਾਜਿਲਕਾ।** ------ਅਪੀਲਕਰਤਾ

**ਬਨਾਮ**

**ਲੋਕ ਸੂਚਨਾ ਅਧਿਕਾਰੀ,**
**ਰਜਿਸਟਰਾਰ ਆਫ ਫਰਮਜ ਐਂਡ**
**ਸੁਸਾਇਟੀਜ ਪੰਜਾਬ,ਚੰਡੀਗੜ।**

**ਪਹਿਲੀ ਅਪੀਲੀ ਅਥਾਰਟੀ ,**
**ਰਜਿਸਟਰਾਰ ਆਫ ਫਰਮਜ ਐਂਡ**
**ਸੁਸਾਇਟੀਜ ਪੰਜਾਬ,ਚੰਡੀਗੜ।** -------ਉੱਤਰਦਾਤਾ

**ਅਪੀਲ ਕੇਸ ਨੰ:** 3399/2019

**ਹਾਜ਼ਰ:**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਦਲਵੀਰ ਸਿੰਘ, ਕਲਰਕ ਅਤੇ ਸਤਨਾਮ ਸਿੰਘ,ਸਹਾਇਕ (98556-13200)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-06-2019, ਲੋਕ ਸੂਚਨਾ ਅਧਿਕਾਰੀ, ਰਜਿਸਟਰਾਰ ਆਫ ਫਰਮਜ ਐਂਡ ਸੁਸਾਇਟੀਜ ਪੰਜਾਬ,ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਹਰਪ੍ਰਸ਼ਾਦ ਜੈਨ ਵਿੱਦਿਆ ਪ੍ਰਚਾਰਨੀ ਸਭਾ ਸ੍ਰੀ ਜੈਨ ਐਲੀਮੈਂਟਰੀ ਪ੍ਰਾਇਮਰੀ ਸਕੂਲ ਫਾਜਿਲਕਾ ਨਾਲ ਸਬੰਧਤ 03 ਨੁੱਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਦਲਵੀਰ ਸਿੰਘ, ਕਲਰਕ ਅਤੇ ਸਤਨਾਮ ਸਿੰਘ,ਸਹਾਇਕ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਰਜਿਸ਼ਟਰੇਸ਼ਨ ਨੰਬਰ ਅਤੇ ਸਾਲ ਨਹੀਂ ਦਸਿਆ ਗਿਆ। ਇਸ ਤੋਂ ਇਲਾਵਾ ਸਟਾਫ ਦੀ ਹੜਤਾਲ ਕਾਰਨ ਰਿਕਾਰਡ ਨਹੀਂ ਮਿਲ ਸਕਿਆ ਇਸ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ।

4. ਉੱਤਰਦਾਤਾ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 17 **ਅਕਤੂਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਨਪ੍ਰੀਤ ਸਿੰਘ ਐਡਵੋਕੇਟ
ਮਕਾਨ ਨੰ 1204 ਫੇਸ 5 ਸੈਕਟਰ 59 ਮੁਹਾਲੀ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਰਜਿਸਟਰਾਰ ਆਫ ਫਰਮਜ ਐਂਡ ਸੁਸਾਇਟੀਜ ਪੰਜਾਬ,ਚੰਡੀਗੜ।

ਪਹਿਲੀ ਅਪੀਲੀ ਅਥਾਰਟੀ ,
ਰਜਿਸਟਰਾਰ ਆਫ ਫਰਮਜ ਐਂਡ ਸੁਸਾਇਟੀਜ ਪੰਜਾਬ,ਚੰਡੀਗੜ। ------ਉੱਤਰਦਾਤਾ

**ਅਪੀਲ ਕੇਸ ਨੰ 3427/2019**

ਹਾਜ਼ਰ:-

1) ਅਪੀਲਕਰਤਾ ਵਲੋਂ ਸ੍ਰੀ ਰਾਹੂਲ ਪੋਪਲ, ਵਕੀਲ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਦਲਵੀਰ ਸਿੰਘ, ਕਲਰਕ ਅਤੇ ਸਤਨਾਮ ਸਿੰਘ,ਸਹਾਇਕ (98556-13200)

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2019, ਲੋਕ ਸੂਚਨਾ ਅਧਿਕਾਰੀ, ਰਜਿਸਟਰਾਰ ਆਫ ਫਰਮਜ ਐਂਡ ਸੁਸਾਇਟੀਜ ਪੰਜਾਬ,ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗਨਪਤੀ ਐਜੁਕੇਸ਼ਨਲ ਐਂਡ ਸੋਸਿਲ ਵੈਲਫਿਅਰ ਟਰੱਸਟ, ਪਿੰਡ ਗੜ੍ਹੀ ਤਰਖਾਣਾ, ਲੁਧਿਆਣਾ, ਪੰਜਾਬ ਨਾਲ ਸਬੰਧਤ 04 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਹਾਜ਼ਰ ਸ੍ਰੀ ਰਾਹੂਲ ਪੋਪਲ, ਵਕੀਲ ਵਲੋਂ ਹਾਜ਼ਰ ਹੋਇਆ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਦਲਵੀਰ ਸਿੰਘ, ਕਲਰਕ ਅਤੇ ਸਤਨਾਮ ਸਿੰਘ,ਸਹਾਇਕ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਅਪੀਲਕਰਤਾ ਸ੍ਰੀ ਮਨਪ੍ਰੀਤ ਸਿੰਘ ਲੋਗੀਆ ਐਡਵੋਕੇਟ ਵਲੋਂ ਮੰਗੀ ਗਈ ਸੂਚਨਾ ਪੱਤਰ ਮੀਮੋ ਨੰ: ਰਫਸ/ਅਪੀਲ ਨੰ; 3427 ਆਫ 2019/ਸਪੈਸਲ-1 ਮਿਤੀ 15-10-2019 ਰਾਹੀਂ ਭੇਜ਼ ਦਿੱਤੀ ਗਈ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ। ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਤੇ ਕਮਿਸ਼ਨ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 17 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਰਵਿੰਦਰ ਕਟਾਰੀਆ 9463133590
ਨਿਊ ਸੰਤ ਫਤਿਹਸਿੰਘ ਨਗਰ ਢੁੱਗਰੀ ਰੋਡ ਲੁਧਿਆਣਾ

-----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ।

ਪਹਿਲੀ ਅਪੀਲੀ ਅਥਾਰਟੀ
ਦਫਤਰ ਸੈਕਟਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ
ਪੰਜਾਬ,ਮੁਹਾਲੀ।

------ਉੱਤਰਦਾਤਾ

**ਅਪੀਲ ਕੇਸ ਨੰ: 3437 /2019**

**ਹਾਜ਼ਰ:-**

1) ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-05-2019, ਲੋਕ ਸੂਚਨਾ ਅਧਿਕਾਰੀ, ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,ਮੁਹਾਲੀ ਵਲੋਂ ਸਾਲ 1997 ਤੋਂ ਸਾਲ 2002 ਤੱਕ ਦੇ ਸਮੇਂ ਦੌਰਾਨ ਭਰਤੀ ਕੀਤੇ ਗਏ ਤਮਾਮ ਮੋਟਰ ਵਹੀਕਲ ਇੰਸਪੈਕਟਰਾਂ ਨਾਲ ਸਬੰਧਤ 04 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਮਿਤੀ 07-10-2019 ਨੂੰ ਜਾਣਕਾਰੀ ਭੇਜੀ ਗਈ ਹੈ। ਅਪੀਲਕਰਤਾ ਨੇ ਕਿਹਾ ਕਿ ਉਸਨੇ ਮਿਤੀ 28-05-2019 ਨੂੰ ਲੋਕ ਸੂਚਨਾ ਅਧਿਕਾਰੀ ਨੂੰ ਅਰਜੀ ਦਿੱਤੀ ਸੀ, ਉਸਨੂੰ ਮਿਤੀ 01-08-2019 ਨੂੰ ਪਹਿਲੀ ਅਪੀਲੀ ਅਥਾਰਟੀ ਪਾਸ ਅਪੀਲ ਕਰਨ ਤੋਂ ਬਾਅਦ ਸੂਚਨਾ ਨਹੀ਼ ਦਿੱਤੀ ਗਈ ਹੈ। ਉਸਨੂੰ ਦੂਜੀ ਅਪੀਲੀ ਅਥਾਰਟੀ ਪਾਸ ਅਪੀਲ ਕਰਨ ਤੋਂ ਬਾਅਦ ਸੂਚਨਾ ਭੇਜੀ ਗਈ ਹੈ ਜ਼ੋ ਠੀਕ ਨਹੀਂ ਹੈ। ਉਸ ਵਲੋਂ ਇਸਤੇ ਆਪਣਾ ਇਤਰਾਜ ਦਰਜ਼ ਕਰਵਾਉਣ ਅਤੇ ਜਾਣਕਾਰੀ ਲੇਟ ਭੇਜਣ ਕਰਕੇ ਸਬੰਧਤ ਚੋਣ ਬੋਰਡ ਨੂੰ ਜੁਰਮਾਨਾ ਅਤੇ ਹਰਜਾਣਾ ਪਾਉਣ ਲਈ ਅਪੀਲ ਕੀਤੀ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ ਵਲੋਂ ਕੋਈ ਪੇਸ਼ ਨਹੀ ਹੋਇਆ। ਉਨ੍ਹਾਂ ਵਲੋਂ ਅਪੀਲਕਰਤਾ ਨੂੰ ਆਪਣੇ ਪੱਤਰ ਮਿਤੀ 07-10-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ ਰਾਹੀਂ ਸੂਚਨਾ ਭੇਜ਼ ਦਿੱਤੀ ਗਈ ਹੈ। ਪਰ ਅਪੀਲਕਰਤਾ ਭੇਜੀ ਗਈ ਸੂਚਨਾ ਤੋਂ ਸੰਤੁਸਟ ਨਹੀਂ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਉਸਨੂੰ ਭੇਜੀ ਗਈ ਸੂਚਨਾ ਤੇ ਜ਼ੇ ਕੋਈ ਤਰੁੱਟੀਆਂ ਪਾਈਆਂ ਹਨ ਉਸ ਸਬੰਧੀ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਦੇ ਹੋਏ ਅਪੀਲਕਰਤਾ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 9780643243
ਪਿੰਡ ਤੂਰਾ ਡਾਕਖਾਨਾ ਕੁੰਭ ਤਹਿਸੀਲ ਅਮਲੋਹ,
ਜਿਲਾ ਫਤਿਹਗੜਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ਡਿਪਟੀ ਕਮਿਸ਼ਨਰ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ ,ਡਿਪਟੀ ਕਮਿਸ਼ਨਰ ਸੰਗਰੂਰ। -------ਉੱਤਰਦਾਤਾ

ਅਪੀਲ ਕੇਸ ਨੰ: 3445/2019

ਹਾਜ਼ਰ:-

1) ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਣਜੀਤ ਸਿਘ ਏ.ਐਨ.ਐਸ.ਕੇ. (94174-599511)।

ਹੁੱਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-06-2019 ਲੋਕ ਸੂਚਨਾ ਅਧਿਕਾਰੀ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ, ਪਿੰਡ ਕੈਹਰੀਆਂ, ਹੱਦਬਸਤ ਨੰ: 149, ਤਹਿ. ਸੁਨਾਮ ਉਧੱਮ ਸਿੰਘ ਵਾਲਾ, ਦੇ ਜਮੀਨ ਰਕਬੇ ਮਾਲਕ ਦਾ ਨਾਮ ਸਮਾਧ ਬਾਬਾ ਸੁਜਾਨ ਗਿਰ ਬਾਇਤਮਾਮ ਸੁਮੇਰ ਗਿਰ ਚੇਲਾ ਮੰਗਲ ਗਿਰ ਦੇ ਰਕਬੇ ਦੇ ਇੰਤਕਾਲ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-9-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਉੱਤਰਦਾਤਾ ਵਲੋਂ ਦਿੱਤਾ ਗਿਆ ਉੱਤਰ ਠੀਕ ਨਹੀਂ ਹੈ ਅਤੇ ਉੱਤਰ ਲੇਟ ਦਿਤਾ ਗਿਆ ਹੈ, ਕਿਉਂਜੋ ਅਰਜੀ ਮਿਤੀ 01-06-2019 ਨੂੰ ਦਿੱਤੀ ਗਈ ਸੀ ਜਦੋਂ ਕਿ ਉੱਤਰ ਮਿਤੀ 03-07-2019 ਨੂੰ ਦਿੱਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਣਜੀਤ ਸਿਘ ਏ.ਐਨ.ਐਸ.ਕੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਉਨ੍ਹਾਂ ਵਲੋਂ ਆਪਣੇ ਪੱਤਰ ਨੰ: 734 /ਆਰ.ਟੀ.ਆਈ. ਮਿਤੀ 03-07-2019 ਰਿਜਸਟਰ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਜਿਸ ਅਨੁਸਾਰ ਪ੍ਰਾਰਥੀ ਜਿਹੜੇ ਇੰਤਕਾਲਾਂ ਦੀਆਂ ਨਕਲਾਂ ਚਾਹੀਦੀਆਂ ਹਨ ਸੁਵਿਧਾ ਕੇਂਦਰ ਰਾਹੀਂ ਬਣਦੀ ਫੀਸ ਜਮਾਂ ਕਰਾਕੇ ਲੈ ਸਕਦਾ ਹੈ।

4. ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਰਿਕਾਰਡ ਅਨੁਸਾਰ ਅਪੀਲਕਰਤਾ ਵਲੋਂ ਅਰਜੀ ਮਿਤੀ 01-06-2019 ਨੂੰ ਦਿੱਤੀ ਗਈ ਸੀ ਜਦੋਂ ਕਿ ਉੱਤਰ ਮਿਤੀ 03-07-2019 ਨੂੰ ਦਿੱਤਾ ਗਿਆ ਹ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਕਿ ਭੱਵਿਖ ਵਿਚ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਅਤੇ ਉੱਤਰ ਜਲਦੀ ਦਿੱਤਾ ਜਾਵੇ। ਇਹ ਠੀਕ ਹੈ ਕਿ ਜਮਾਂਬੰਦੀਆਂ ਦੀਆਂ ਨਕਲਾਂ ਸੁਵਿਧਾ ਕੇਂਦਰ ਰਾਹੀਂ ਫੀਸ ਜਮਾਂ ਕਰਵਾ ਕੇ ਲਈਆਂ ਜਾ ਸਕਦੀਆਂ ਹਨ । ਪਰ ਪੇਸ਼ੀ ਦੋਰਾਨ ਦੋਹਾਂ ਧਿਰਾਂ ਦੀ ਸਹਿਮਤੀ ਨਾਲ ਅਪੀਲਕਰਤਾ ਅਤੇ ਉੱਤਰਦਾਤਾ ਨੂੰ ਲਿਖਿਆ ਜਾਂਦਾ ਹੈ ਕਿ ਮੰਗੇ ਗਏ ਰਿਕਾਰਡ ਅਨੁਸਾਰ ਇੰਤਕਾਲ ਨੰ: 1935, ਇੰਤਕਾਲ ਨੰ: 1999, ਇੰਤਕਲ ਨੰ: 2014 ਦੀਆਂ ਨੱਕਲਾਂ ਦਿੱਤੀਆਂ ਜਾਣ ਅਤੇ ਬਣਦੀ ਫੀਸ ਲੈ ਲਈ ਜਾਵੇ। ਇਸ ਹਦਾਇਤ ਨਾਲ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 17 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਗਗਨਦੀਪ ਸਿੰਘ ਜੰਜੂਆ** 9780643243
**ਪਿੰਡ ਤੂਰਾ ਡਾਕਖਾਨਾ ਕੁੰਭ ਤਹਿਸੀਲ ਅਮਲੋਹ,**
**ਜਿਲਾ ਫਤਿਹਗੜਸਾਹਿਬ।** --------ਅਪੀਲਕਰਤਾ

**ਬਨਾਮ**

**ਲੋਕ ਸੂਚਨਾ ਅਧਿਕਾਰੀ ਡਿਪਟੀ ਕਮਿਸ਼ਨਰ ਸੰਗਰੂਰ।**
**ਪਹਿਲੀ ਅਪੀਲੀ ਅਥਾਰਟੀ ,ਡਿਪਟੀ ਕਮਿਸ਼ਨਰ ਸੰਗਰੂਰ।** ---------ਉੱਤਰਦਾਤਾ

ਅਪੀਲ ਕੇਸ ਨੰ: 3446/2019

ਹਾਜ਼ਰ:-

1) ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਣਜੀਤ ਸਿਘ ਏ.ਐਨ.ਐਸ.ਕੇ. (94174-599511)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-06-2019 ਲੋਕ ਸੂਚਨਾ ਅਧਿਕਾਰੀ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਖੰਡੇਵਾਲ, ਤਹਿਸੀਲ-ਲਹਿਰਾਗਾਗਾ, ਜਿਲਾ ਸੰਗਰੂਰ ਦੇ ਡੇਰਾ ਸਮਾਧ ਬਾਬਾ ਬਿਹਾਰੀ ਗਿਰ ਬਾਇਤਮਾਮ ਚਨਣ ਗਿਰ ਚੇਲਾਂ ਨਰੈਣ ਗਿਰ ਚਲਾ ਮਨੋਹਰ ਗਿਰ ਦੇ ਰਿਕਾਰਡ ਮਾਲ ਖੇਵਟ ਨੰ: 132, ਖਤੋਨੀ ਨੰ: 143, ਦੀ ਫਰਦਾਂ(ਜਮਾਂਬੰਦੀਆਂ) ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-9-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸ ਨੂੰ ਉੱਤਰਦਾਤਾ ਵਲੋਂ ਦਿੱਤਾ ਗਿਆ ਉੱਤਰ ਠੀਕ ਨਹੀਂ ਹੈ ਅਤੇ ਉੱਤਰ ਲੇਟ ਦਿਤਾ ਗਿਆ ਹੈ, ਕਿਉਂਜੋ ਅਰਜੀ ਮਿਤੀ 01-06-2019 ਨੂੰ ਦਿੱਤੀ ਗਈ ਸੀ ਜਦੋਂ ਕਿ ਉੱਤਰ ਮਿਤੀ 03-07-2019 ਨੂੰ ਦਿੱਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਣਜੀਤ ਸਿਘ ਏ.ਐਨ.ਐਸ.ਕੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਅਪੀਲਕਰਤਾ ਨੂੰ ਉਨ੍ਹਾਂ ਵਲੋਂ ਆਪਣੇ ਪੱਤਰ ਨੰ: 735 /ਆਰ.ਟੀ.ਆਈ. ਮਿਤੀ 03-07-2019 ਰਿਜਸਟਰ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਜਿਸ ਅਨੁਸਾਰ ਪ੍ਰਾਰਥੀ ਜਿਹੜੀਆਂ ਜਮਾਂਬੰਦੀਆਂ ਦੀਆਂ ਨਕਲਾਂ ਚਾਹੀਦੀਆਂ ਹਨ ਸੁਵਿਧਾ ਕੇਂਦਰ ਰਾਹੀਂ ਬਣਦੀ ਨਿਰਧਾਰਤ ਫੀਸ ਜਮਾਂ ਕਰਾਕੇ ਲੈ ਸਕਦਾ ਹੈ।

4. ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਰਿਕਾਰਡ ਅਨੁਸਾਰ ਅਪੀਲਕਰਤਾ ਵਲੋਂ ਅਰਜੀ ਮਿਤੀ 01-06-2019 ਨੂੰ ਦਿੱਤੀ ਗਈ ਸੀ ਜਦੋਂ ਕਿ ਉੱਤਰ ਮਿਤੀ 03-07-2019 ਨੂੰ ਦਿੱਤਾ ਗਿਆ ਹੈ ਜ਼ੋ ਲੇਟ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਕਿ ਭੱਵਿਖ ਵਿਚ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਅਤੇ ਉੱਤਰ ਜਲਦੀ ਦਿੱਤਾ ਜਾਵੇ। ਇਹ ਠੀਕ ਹੈ ਕਿ ਜਮਾਂਬੰਦੀਆਂ ਦੀਆਂ ਨਕਲਾਂ ਸੁਵਿਧਾ ਕੇਂਦਰ ਰਾਹੀਂ ਫੀਸ ਜਮਾਂ ਕਰਵਾ ਕੇ ਲਈਆਂ ਜਾ ਸਕਦੀਆਂ ਹਨ । ਪਰ ਪੇਸ਼ੀ ਦੋਰਾਨ ਦੋਹਾਂ ਧਿਰਾਂ ਦੀ ਸਹਿਮਤੀ ਨਾਲ ਅਪੀਲਕਰਤਾ ਅਤੇ ਉੱਤਰਦਾਤਾ ਨੂੰ ਲਿਖਿਆ ਜਾਂਦਾ ਹੈ ਕਿ ਮੰਗੇ ਗਏ ਰਿਕਾਰਡ ਅਨੁਸਾਰ ਇੰਤਕਾਲ ਨੰ: 1935, ਇੰਤਕਾਲ ਨੰ: 1999, ਇੰਤਕਲ ਨੰ: 2014 ਦੀਆਂ ਨੱਕਲਾਂ ਦਿੱਤੀਆਂ ਜਾਣ ਅਤੇ ਬਣਦੀ ਫੀਸ ਲੈ ਲਈ ਜਾਵੇ। ਇਸ ਹਦਾਇਤ ਨਾਲ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 17 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**